ਰੋਜ਼ਾਨਾ
ਲੋਕ ਬਾਣੀ
ਨੂੰ ਪੱਤਰਕਾਰਾਂ
ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR | ਮੁੱਖ ਸੰਪਾਦਕ : ਅਮਨਦੀਪ ਮਹਿਰਾ | ਸ਼ੁੱਕਰਵਾਰ, 05 ਜੁਲਾਈ 2024

R. N. I. Punpun/29016/2008 * ਸਾਲ 16 , * ਅੰਕ : 32, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

## ਪਾਕਿਸਤਾਨ ਦੇ ਸਭ ਤੋਂ ਲੰਬੇ ਵਿਅਕਤੀ ਦੀ ਹੋਈ ਮੌਤ

ਲਾਹੌਰ (ਲੋਕ ਬਾਣੀ) -ਪਾਕਿਸਤਾਨ ਦੇ ਸਭ ਤੋਂ ਲੰਬੇ ਵਿਅਕਤੀ ਜ਼ਿਆ ਰਾਸ਼ਿਦ ਦਾ ਲੰਬੀ ਬਿਮਾਰੀ ਤੋਂ ਬਾਅਦ ਮੰਗਲਵਾਰ ਦੇਰ ਰਾਤ ਦੇਹਾਂਤ ਹੋ ਗਿਆ। ਪੰਜ ਭਰਾਵਾਂ ਵਿੱਚੋਂ ਸਭ ਤੋਂ ਛੋਟੇ ਜ਼ਿਆ ਰਾਸ਼ਿਦ ਦੀ 37 ਸਾਲ ਦੀ ਉਮਰ ਵਿੱਚ ਮੌਤ ਹੋਈ। ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ 94 ਡਬਲਯੂ ਬੀ ਨੇੜੇ ਵੇਹੜੀ ਦੇ ਕਬਰਿਸਤਾਨ ਵਿਖੇ ਕੀਤਾ ਗਿਆ। ਅੰਤਿਮ ਸੰਸਕਾਰ ਵਿੱਚ ਇਲਾਕੇ ਦੀਆਂ



ਸਿਆਸੀ ਤੇ ਸਮਾਜਿਕ ਸ਼ਖ਼ਸੀਅਤਾਂ ਤੋਂ ਇਲਾਵਾ ਪਰਿਵਾਰਕ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

## ਹਾਥਰਸ ਹਾਦਸੇ ਦੇ ਛੇ ਦੋਸ਼ੀ ਕਾਬੂ ਇਕ ਫ਼ਰਾਰ

ਹਾਥਰਸ(ਯੂਪੀ)- ਹਾਥਰਸ ਭਗਦੜ ਮਾਮਲੇ ਨੂੰ ਲੈ ਕੇ ਹੁਣ ਤੱਕ ਛੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤੇ ਯੂਪੀ ਪੁਲੀਸ ਨੇ ਮੁੱਖ ਦੋਸ਼ੀ ਸੇਵਾਦਾਰ ਦੀ ਗ੍ਰਿਫ਼ਤਾਰੀ ਲਈ ਇਕ ਲੱਖ ਰੁਪਏ ਦਾ ਇਨਾਮ ਐਲਾਨਿਆ ਹੈ। ਅਲੀਗੜ੍ਹ ਰੇਂਜ ਦੇ ਪੁਲੀਸ ਕਮਿਸ਼ਨਰ ਸ਼ਲਭ ਮਾਥੁਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਇਸ ਮਾਮਲੇ ਵਿਚ ਦੋ ਮਹਿਲਾ ਸੇਵਾਦਾਰਾਂ ਸਣੇ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੇ ਮੁੱਖ ਮੁਲਜ਼ਮ ਮੁੱਖ ਸੇਵਾਦਾਰ ਦੇਵ ਪ੍ਰਕਾਸ਼ ਮਧੂਕਰ ਉੱਤੇ ਇਕ ਲੱਖ ਰੁਪਏ ਦਾ ਇਨਾਮ ਰੱਖਿਆ ਗਿਆ ਹੈ। ਉਸ ਦੇ



ਖਿਲਾਫ਼ ਜਲਦੀ ਹੀ ਗ਼ੈਰਜ਼ਮਾਨਤੀ ਵਾਰੰਟ ਵੀ ਜਾਰੀ ਕੀਤੇ ਜਾਣਗੇ। ਭੋਲੇ ਬਾਬਾ ਤੋਂ ਪੁੱਛਗਿੱਛ ਜਾਂ ਉਸ ਦੀ ਗ੍ਰਿਫ਼ਤਾਰੀ ਦੀ ਸੰਭਾਵਨਾ ਬਾਰੇ ਪੁੱਛਣ 'ਤੇ ਮਾਥੁਰ ਨੇ ਕਿਹਾ, "ਅੱਗੇ ਕਿਸੇ ਦੀ ਗ੍ਰਿਫ਼ਤਾਰੀ ਹੋਵੇਗੀ ਜਾਂ ਨਹੀਂ ਇਹ ਜਾਂਚ ਉੱਤੇ ਨਿਰਭਰ ਕਰੇਗਾ।

## ਹਿਮਾਚਲ ਵਿੱਚ ਭਾਰੀ ਮੀਂਹ ਨੇ ਮਚਾਈ ਤਬਾਹੀ

ਚੰਡੀਗੜ੍ਹ (ਵਿਨੋਦ ਸ਼ਰਮਾ) ਮੰਡੀ ਜ਼ਿਲ੍ਹੇ ਵਿਚ ਮੌਨਸੂਨ ਨੇ ਤਬਾਹੀ ਮਚਾਉਣੀ ਸ਼ੁਰੂ ਕਰ ਦਿੱਤੀ ਹੈ। ਪਿਛਲੇ ਦੋ ਦਿਨਾਂ ਵਿਚ ਜ਼ਿਲ੍ਹੇ ਦੇ ਪੰਡੋਹ ਅਤੇ ਕਟੌਲਾ ਵਿਚ 150 ਮਿਲੀਮੀਟਰ ਤੋਂ ਵੱਧ ਮੀਂਹ ਪਿਆ ਹੈ। ਭਾਰੀ ਮੀਂਹ ਕਾਰਨ ਕੀਰਤਪੁਰ-ਮਨਾਲੀ ਚਾਰ ਮਾਰਗੀ ਤੇ ਕੀਰਤਵਾਲ ਤੋਂ ਚਾਰ ਮੀਲ ਦੇ ਨੇੜੇ ਪਿਛਲੇ ਸਾਲ ਲਗਾਇਆ



ਗਿਆ ਆਰਜ਼ੀ ਬੈਰੀਕੇਡ ਪੂਰੀ ਤਰ੍ਹਾਂ ਤਬਾਹ ਹੋ ਗਿਆ। ਜ਼ਮੀਨ ਖਿਸਕਣ ਕਾਰਨ ਸੜਕ ਦੇ ਬੰਦ ਹੋਣ ਦਾ ਖ਼ਤਰਾ ਬਣਿਆ ਹੋਇਆ ਹੈ। ਇਸ ਮੌਕੇ ਬਹੁਤ ਸਾਰੇ ਵਹਾਂ ਫਸੇ ਹੋਏ ਹਨ।

## ਪੰਜਾਬ ਅਤੇ ਹਰਿਆਣਾ ਦੇ ਨਵੇਂ ਚੀਫ਼ ਜਸਟਿਸ ਬਣੇ ਜਸਟਿਸ ਸ਼ੀਲ ਨਾਗੂ

ਚੰਡੀਗੜ੍ਹ (ਵਿਨੋਦ ਸ਼ਰਮਾ) ਜਸਟਿਸ ਸ਼ੀਲ ਨਾਗੂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਰਾਸ਼ਟਰਪਤੀ ਦਰੋਪਦੀ ਮੁਰਮੂ ਵੱਲੋਂ ਕੀਤੀ ਗਈ ਹੈ। ਸ਼ੀਲ ਨਾਗੂ ਇਸ ਵੇਲੇ ਮੱਧ ਪ੍ਰਦੇਸ਼ ਹਾਈ ਕੋਰਟ ਵਿੱਚ ਕਾਰਜਕਾਰੀ ਚੀਫ ਜਸਟਿਸ ਵਜੋਂ ਤਾਇਨਾਤ ਹਨ। ਇਸ ਸਬੰਧੀ ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰਾਲੇ ਨੇ ਨੋਟੀਫਿਕੇਸ਼ਨ ਜਾਰੀ ਕਰ ਦਿੱਤੀ ਹੈ। ਭਾਰਤ ਦੇ ਚੀਫ਼ ਜਸਟਿਸ ਡੀ ਵਾਈ ਚੰਦਰਚੂੜ ਨੇ



ਪਿਛਲੇ ਸਾਲ ਦਸੰਬਰ ਵਿਚ ਜਸਟਿਸ ਨਾਗੂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕਰਨ ਦੀ ਸਿਫ਼ਾਰਸ਼ ਕੀਤੀ ਸੀ। ਜਸਟਿਸ ਨਾਗੂ ਨੂੰ ਮਈ 2011 ਵਿੱਚ ਮੱਧ ਪ੍ਰਦੇਸ਼ ਹਾਈ ਕੋਰਟ ਦਾ ਜੱਜ ਨਿਯੁਕਤ ਕੀਤਾ ਗਿਆ ਸੀ।

## ਅੰਮ੍ਰਿਤਪਾਲ ਸਿੰਘ ਅੱਜ ਚੁਕੇਗਾ ਸਹੁੰ ਤੇ ਪਰੋਲ ਦੌਰਾਨ ਦਿੱਲੀ ਨਾ ਛੱਡਣ ਦੇ ਆਦੇਸ਼

ਦਿੱਲੀ (ਲੋਕ ਬਾਣੀ)-ਕੌਮੀ ਸੁਰੱਖਿਆ ਐਕਟ (ਐੱਨਐੱਸਏ) ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਦੌਰਾਨ ਪਰਿਵਾਰਕ ਮੈਂਬਰਾਂ ਨੂੰ ਮਿਲਣ ਦੀ ਖੁੱਲ੍ਹ ਰਹੇਗੀ, ਪਰ ਉਸ ਨੂੰ ਦਿੱਲੀ ਛੱਡਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਅੰਮ੍ਰਿਤਪਾਲ ਸਿੰਘ ਨੂੰ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਲਈ ਪੈਰੋਲ 'ਤੇ ਅਸਾਮ ਤੋਂ ਦਿੱਲੀ ਲਿਆਂਦਾ ਜਾ ਰਿਹਾ ਹੈ। ਅੰਮ੍ਰਿਤਪਾਲ ਸਿੰਘ ਨੂੰ ਪਿਛਲੇ ਸਾਲ 23 ਅਪਰੈਲ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਅੰਮ੍ਰਿਤਸਰ ਦੇ ਜ਼ਿਲ੍ਹਾ



ਮੈਜਿਸਟਰੇਟ ਵੱਲੋਂ ਜਾਰੀ ਪੈਰੋਲ ਹੁਕਮਾਂ ਦੀਆਂ ਸ਼ਰਤਾਂ ਮੁਤਾਬਕ ਕੌਮੀ ਰਾਜਧਾਨੀ ਵਿਚ ਆਪਣੀ ਠਹਿਰ ਦੌਰਾਨ ਅੰਮ੍ਰਿਤਪਾਲ ਸਿੰਘ ਜਾਂ ਉਸ ਦਾ ਕੋਈ ਸਕਾ ਸਬੰਧੀ ਜਾਂ ਪਰਿਵਾਰਕ ਮੈਂਬਰ ਮੀਡੀਆ ਵਿਚ ਕਿਸੇ ਤਰ੍ਹਾਂ ਦਾ ਕੋਈ ਬਿਆਨ ਨਹੀਂ ਦੇ ਸਕੇਗਾ।

## ਪੰਜਾਬ ਵਿੱਚ ਮੋਸਮ ਵਿਭਾਗ ਵੱਲੋਂ ਪੰਜ ਜ਼ਿਲਿਆਂ ਚ ਭਾਰੀ ਮੀਂਹ ਦਾ ਅਲਰਟ

ਜਲੰਧਰ, (ਹਰਬੰਸ ਬਿੱਟੂ) ਮੌਸਮ ਵਿਭਾਗ ਪੰਜਾਬ ਦੇ ਵਲੋਂ ਭਵਿੱਖਬਾਣੀ ਕਰਦਿਆਂ ਅਲਰਟ ਜਾਰੀ ਕੀਤਾ ਗਿਆ ਹੈ ਕਿ, ਮਾਨਸਾ, ਸੰਗਰੂਰ , ਬਰਨਾਲਾ, ਪਟਿਆਲਾ, ਬਠਿੰਡਾ ਵਿੱਚ ਦਰਮਿਆਨੀ ਮੀਂਹ ਦੇ ਨਾਲ ਅਸਮਾਨੀ ਬਿਜਲੀ ਅਤੇ ਤੇਜ਼ ਹਵਾਵਾਂ (30-40 kmph) ਦੀ ਸੰਭਾਵਨਾ ਹੈ।

ਦੱਸ ਦਈਏ ਕਿ, ਕਿਤੇ ਹੜ੍ਹ, ਕਿਤੇ ਜ਼ਮੀਨ ਖਿਸਕਣ, ਕਿਤੇ ਤੂਫਾਨ ਮੌਸਮ ਵਿਭਾਗ ਦੀ ਭਵਿੱਖਬਾਣੀ ਮੁਤਾਬਕ, ਦੇਸ਼ ਭਰ ਦੇ ਕਈ ਸੂਬਿਆਂ 'ਚ ਮਾਨਸੂਨ 'ਮੌਤ' ਵਾਂਗ ਵਰ੍ਹ ਰਿਹਾ ਹੈ।




ਬਾਰਿਸ਼ ਨੇ ਦਿੱਲੀ-ਐਨਸੀਆਰ ਤੋਂ ਲੈ ਕੇ ਮਨੀਪੁਰ ਤੱਕ ਤਬਾਹੀ ਮਚਾ ਦਿੱਤੀ ਹੈ। ਹਾਲਾਤ ਦੇ ਮੱਦੇਨਜ਼ਰ ਮੌਸਮ ਵਿਭਾਗ ਨੇ ਦੇਸ਼ ਵਾਸੀਆਂ ਨੂੰ ਚੌਕਸ ਰਹਿਣ ਦੀ ਚਿਤਾਵਨੀ ਦਿੱਤੀ ਹੈ।

ਪਹਾੜੀ ਖੇਤਰਾਂ, ਬੀਚਾਂ, ਨਦੀਆਂ, ਨਹਿਰਾਂ ਅਤੇ ਝਰਨੇ ਦੇ ਨੇੜੇ ਨਾ ਜਾਣ ਦੀ ਸਲਾਹ ਦਿੱਤੀ ਜਾਂਦੀ ਹੈ।

## ਸਪੀਕਰ ਨੇ ਪੱਛਮੀ ਬੰਗਾਲ ਅਸੈਂਬਲੀ ਦਾ ਵਿਸ਼ੇਸ਼ ਇਜਲਾਸ ਸੱਦਿਆ

ਕੋਲਕਾਤਾ (ਲੋਕ ਬਾਣੀ)- ਤ੍ਰਿਣਮੂਲ ਕਾਂਗਰਸ ਦੇ ਦੋ ਨਵੇਂ ਚੁਣੇ ਵਿਧਾਇਕਾਂ ਨੂੰ ਹਲਫ਼ ਦਿਵਾਉਣ ਨੂੰ ਲੈ ਕੇ ਬਣੇ ਜਮੂਦ ਦਰਮਿਆਨ ਸਪੀਕਰ ਬਿਮਨ ਬੈਨਰਜੀ ਨੇ ਪੱਛਮੀ ਬੰਗਾਲ ਅਸੈਂਬਲੀ ਦਾ ਵਿਸ਼ੇਸ਼ ਇਜਲਾਸ ਸੱਦਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਦਨ ਦੀ ਕਾਰਵਾਈ ਪੂਰੀ ਤਰ੍ਹਾਂ ਰਾਜਪਾਲ 'ਤੇ ਨਿਰਭਰ ਨਹੀਂ ਹੈ। ਬੈਨਰਜੀ ਨੇ ਕਿਹਾ ਕਿ ਬਿਜ਼ਨਸ ਐਡਵਾਈਜ਼ਰੀ ਕਮੇਟੀ ਦੀ ਬੈਠਕ ਸ਼ੁੱਕਰਵਾਰ ਨੂੰ 12 ਵਜੇ ਹੋਵੇਗੀ



ਤੇ ਇਸੇ ਬੈਠਕ ਵਿਚ ਇਜਲਾਸ ਦੀ ਮਿਆਦ ਬਾਰੇ ਫੈਸਲਾ ਕੀਤਾ ਜਾਵੇਗਾ। ਬੈਨਰਜੀ ਨੇ ਕਿਹਾ, "ਜੇ ਕੋਈ ਸੋਚਦਾ ਹੈ ਕਿ ਅਸੀਂ ਬੇਸਹਾਰਾ ਹਾਂ ਤਾਂ ਉਹ ਗ਼ਲਤ ਹੈ।

## ਜਲੰਧਰ ਚ ਸ਼ੀਤਲ ਅੰਗੁਰਾਲ ਨੇ ਸਬੂਤਾਂ ਨਾਲ ਭਾਵੁਕ ਹੋ ਕੇ ਮੀਡੀਆ ਤੇ ਸਮਰੱਥਾ ਅੱਗੇ ਸਚਾਈ ਦੱਸੀਂ

ਜਲੰਧਰ (ਲੋਕ ਬਾਣੀ ) ਭਗਵੰਤ ਮਾਨ ਦੀ ਚੁਣੌਤੀ ਨੂੰ ਸਵੀਕਾਰ ਕਰਦੇ ਹੋਏ ਜਲੰਧਰ ਦੇ ਜਗਜੀਵਨ ਰਾਮ ਚੌਂਕ ਚ ਪਹੁੰਚੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਨੇ ਪੈੱਨ ਡਰਾਈਵ ਦਿਖਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਗੰਭੀਰ ਦੋਸ਼ ਲਾਏ। ਸ਼ੀਤਲ ਅੰਗੁਰਾਲ ਨੇ ਸਭ ਤੋਂ ਪਹਿਲਾਂ ਆਪਣੀ ਤੇ ਮੁੱਖ ਮੰਤਰੀ ਭਗਵੰਤ ਮਾਨ ਲਈ ਕੁਰਸੀ ਸਟੇਜ ਤੇ ਰੱਖੀ। ਕੁਝ ਸਮਾਂ ਉਡੀਕਣ ਮਗਰੋਂ ਦੁਪਹਿਰ ਕਰੀਬ 2:45 ਵਜੇ ਅੰਗੁਰਾਲ ਨੇ ਲੋਕਾਂ ਨੂੰ ਸੰਬੋਧਨ ਕੀਤਾ ਤੇ ਪੈਨ ਡਰਾਈਵ ਵਿੱਚ ਰਿਕਾਰਡ ਆਡੀਓ ਬਾਰੇ ਜਾਣਕਾਰੀ ਦਿੱਤੀ ਤੇ ਜੰਮ ਕੇ ਭੜਾਸ ਕੱਢੀ ਤੇ ਰੋ ਰੋ ਕੇ



ਸਰਕਾਰ ਵਲੋਂ ਮਿਲ ਰਹੀਆਂ ਧਮਕੀਆਂ ਬਾਰੇ ਮੀਡੀਆ ਨੂੰ ਦਸਿਆ ਪਰ ਨਾ ਤਾਂ ਮੁੱਖ ਮੰਤਰੀ ਪਹੁੰਚੇ ਨਾਂ ਹੀ ਕੋਈ ਵਿਧਾਇਕ

## ਭਿਆਨਕ ਸੜਕ ਹਾਦਸੇ ਵਿੱਚ ਤਿੰਨ ਦੀ ਮੌਤ

ਦਿੱਲੀ: (ਲੋਕ ਬਾਣੀ) ਦਿੱਲੀ-ਮੁਰਾਦਾਬਾਦ ਹਾਈਵੇਅ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ ਹੈ।ਡਰਾਈਵਰ ਵੱਲੋਂ ਝਪਕੀ ਲੈਣ ਤੋਂ ਬਾਅਦ ਕਾਰ ਬੇਕਾਬੂ ਹੋ ਕੇ ਡਿਵਾਈਡਰ ਪਾਰ ਕਰਕੇ ਰੋਡਵੇਜ਼ ਦੀ ਬੱਸ ਨਾਲ ਟਕਰਾ ਗਈ।ਇਸ ਹਾਦਸੇ 'ਚ 3 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। 3 ਲੋਕ ਜ਼ਖਮੀ ਦੱਸੇ ਜਾ




ਰਹੇ ਹਨ, ਜਿਨ੍ਹਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਹ ਘਟਨਾ ਮੁੰਧਾਪਾਂਡੇ ਥਾਣਾ ਖੇਤਰ ਦੇ ਅਧੀਨ ਦਿੱਲੀ ਮੁਰਾਦਾਬਾਦ ਹਾਈਵੇਅ 'ਤੇ ਵਾਪਰੀ।

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
ਕੈਨੇਡਾ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
easyvisa | 8194 828282

# ਨਸਿਆਂ ਵਿਰੁੱਧ ਲੋਕ ਲਹਿਰ ਪੈਦਾ ਕਰਕੇ ਹੀ ਜੰਗ ਨੂੰ ਜਿੱਤਿਆ ਜਾ ਸਕਦਾ ਹੈ- ਡਾ ਸਿਮਰਤ ਕੌਰ

ਮਾਲੇਰਕੋਟਲਾ(ਲੋਕ ਬਾਣੀ)

ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਡਾ. ਸਿਮਰਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ, ਪੰਜਾਬ ਅਤੇ ਡਾਇਰੈਕਟਰ ਜਨਰਲ ਪੁਲਿਸ,ਪੰਜਾਬ ਸ੍ਰੀ ਗੋਰਵ ਯਾਦਵ ਵੱਲੋ ਨਸ਼ਿਆਂ ਨੂੰ ਪੰਜਾਬ ਵਿੱਚੋ ਜੜ੍ਹ ਤੋਂ ਖਤਮ ਕਰਨ ਲਈ ਮੁਹਿੰਮ ਉਲੀਕੀ ਗਈ ਹੈ ਤਾਂ ਜੋ ਪੰਜਾਬ ਨੂੰ ਹੱਸਦਾ-ਖੇਡਦਾ ਅਤੇ ਵਿਕਸਿਤ ਪੰਜਾਬ ਵਜੋਂ ਦੁਨਿਆਂ ਦੇ ਨਕਸ਼ੇ ਵਿੱਚ ਲਿਆਂਦਾ ਜਾ ਸਕੇ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਡਾ.ਸਿਮਰਤ ਕੌਰ ਨੇ ਖੇਡ ਵਿਭਾਗ ਦੇ ਸਹਿਯੋਗ ਨਾਲ ਡਾ. ਜ਼ਾਕਿਰ ਹੁਸੈਨ ਸਟੇਡੀਅਮ ਮਾਲੇਰਕੋਟਲਾ ਵਿਖੇ ਕਰਵਾਏ ਜਾ ਰਹੇ ਦੋ ਰੋਜਾ ਫੁੱਟਬਾਲ,ਬੈਡਮਿੰਟਨ ਅਤੇ ਰੱਸਾਕਸ਼ੀ ਟੂਰਨਾਮੈਂਟ ਦਾ ਆਗਾਜ ਕਰਵਾਉਣ ਮੌਕੇ ਕੀਤਾ । ਇਸ ਟੂਰਨਾਮੈਂਟ ਵਿੱਚ ਸਬ-ਡਵੀਜ਼ਨ ਮਾਲੇਰਕੋਟਲਾ ਦੀਆਂ ਟੀਮਾਂ ਵੱਲੋਂ ਭਾਗ ਲਿਆ ਗਿਆ ।

ਟੂਰਨਾਮੈਂਟ ਦੌਰਾਨ ਆਮ ਲੋਕਾਂ ਅਤੇ ਨੌਜਵਾਨਾ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਣੂ ਕਰਵਾਉਂਦਿਆਂ ਐਸ.ਐਸ.ਪੀ ਨੇ ਕਿਹਾ ਕਿ ਨੌਜਵਾਨ ਸਾਡੇ ਸੂਬੇ ਦਾ ਸਰਮਾਇਆ ਹਨ ਅਤੇ ਇੰਨ੍ਹਾਂ ਨੂੰ ਮਾੜੀਆਂ ਹਵਾਵਾਂ ਤੋਂ ਬਚਾ ਕੇ ਸਮਾਜ ਵਿਚ ਇੰਨ੍ਹਾਂ ਨੂੰ ਚੰਗੇ ਪਾਸੇ ਲਗਾਉਣ ਲਈ ਖੇਡਾਂ ਦੀ ਅਹਿਮ ਭੂਮਿਕਾ ਹੈ। ਨਸ਼ਾ ਪੂਰੀ ਤਰਾਂ ਖਤਮ ਕਰਨ ਲਈ ਜ਼ਿਲ੍ਹਾ ਪੁਲਿਸ ਵਚਨਬੱਧ ਹੈ । ਨੌਜਵਾਨਾ/ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਨਾਲ ਜੁੜਕੇ ਨਵੇਂ ਸਮਾਜ ਦੀ ਉਸਾਰੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਕਿਹਾ ।

ਉਨ੍ਹਾਂ ਕਿਹਾ ਕਿ ਨਸ਼ੇ ਦੀ ਸਪਲਾਈ ਨੂੰ ਹੇਠਲੇ ਪੱਧਰ ਤੱਕ ਬਿਲਕੁਲ ਖਤਮ ਕਰਨ ਲਈ ਆਮ ਲੋਕਾਂ ਦੇ ਸਹਿਯੋਗ ਦੀ ਬਹੁਤ ਜਰੂਰਤ ਹੈ। ਲੋਕ ਲਹਿਰ ਪੈਦਾ ਕਰਕੇ ਹੀ ਇਸ ਨਸ਼ਿਆਂ ਦੀ ਜੰਗ ਨੂੰ ਜਿੱਤਿਆ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਸਮਾਜ ਵਿੱਚ ਪਨਪ ਰਹੀਆਂ ਸਮਾਜਿਕ ਬੁਰਾਈਆਂ ਤੋਂ ਸੁਚੇਤ ਰਹਿਣ ਲਈ ਕਿਹਾ ਅਤੇ ਆਪਣਾ ਧਿਆਨ ਪੜਾਈ ਤੇ ਖੇਡਾਂ ਵਿੱਚ ਲਗਾ ਕੇ ਸਿਹਤਮੰਦ ਜਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ।

ਇਸ ਮੌਕੇ ਉਨ੍ਹਾਂ ਆਵਾਮ ਨੂੰ ਅਪੀਲ ਕੀਤੀ ਕਿ ਜੇਕਰ ਅਜਿਹੇ ਮਾੜੇ ਅਨਸਰਾਂ ਅਤੇ ਗੈਰ ਕਾਨੂੰਨੀ ਗਤੀਵਿਧੀ ਬਾਰੇ ਪਬਲਿਕ ਨੂੰ ਕੋਈ ਵੀ ਸੂਚਨਾ ਮਿਲਦੀ ਹੈ ਤਾਂ ਉਸ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕੀਤੀ ਜਾਵੇ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।



ਇਸ ਮੌਕੇ ਕਪਤਾਨ ਪੁਲਿਸ (ਸਥਾਨਕ) ਸ੍ਰੀਮਤੀ ਸਵਰਨਜੀਤ ਕੌਰ, ਉਪ ਕਪਤਾਨ ਪੁਲਿਸ (ਇੰਨ) ਸ੍ਰੀ ਸਤੀਸ਼ ਕੁਮਾਰ, ਉਪ ਕਪਤਾਨ ਪੁਲਿਸ (ਸਥਾਨਕ) ਸ੍ਰੀ ਕਰਮਜੀਤ ਸਿੰਘ, ਉਪ ਕਪਤਾਨ ਪੁਲਿਸ ਸਬ-ਡਵੀਜ਼ਨ ਮਾਲੇਰਕੋਟਲਾ ਸ੍ਰੀ ਗੁਰਦੇਵ ਸਿੰਘ, ਮੁੱਖ ਅਫ਼ਸਰ ਥਾਣਾ ਸੰਦੌੜ ਯਾਦਵਿੰਦਰ ਸਿੰਘ, ਮੁੱਖ ਅਫ਼ਸਰ ਥਾਣਾ ਸਿਟੀ-1 ਮਾਲੇਰਕੋਟਲਾ ਗਗਨਦੀਪ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਮਾਲੇਰਕੋਟਲਾ ਸ੍ਰੀ ਗੁਰਦੀਪ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ ।

# ਟਰੈਕਟਰ ਹਾਦਸੇ ਦੌਰਾਨ ਮਾਰੇ ਗਏ ਮਨਰੇਗਾ ਕਿਰਤੀਆਂ ਨੂੰ ਦਿੱਤਾ ਜਾਵੇ 50-50 ਲੱਖ ਰੁਪਏ ਮੁਆਵਜ਼ਾ ਅਤੇ ਜ਼ਖਮੀਆਂ ਦੇ ਇਲਾਜ ਦਾ ਖਰਚਾ ਕਰੇ ਸਰਕਾਰ - ਸਾਥੀ ਕੂੰਮ ਕਲਾਂ/ਫਰਵਾਹੀ/ਘਨੌਰ

ਸ੍ਰੀ ਮਾਛੀਵਾੜਾ ਸਾਹਿਬ- (ਲੋਕ ਬਾਣੀ) ਅੱਜ ਇੱਥੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ( ਸੀਟੂ) ਦੇ ਸੂਬਾਈ ਆਗੂਆਂ ਦਾ ਇੱਕ ਵਫ਼ਦ ਸੰਯੁਕਤ ਡਾਇਰੈਕਟਰ ਕਮ ਮੁੱਖ ਚੌਕਸੀ ਅਧਿਕਾਰੀ ਪੇਂਡੂ ਵਿਕਾਸ ਪੰਚਾਇਤਾਂ ਨੂੰ ਮਿਲਿਆ। ਵਫ਼ਦ ਨੇ ਮੰਗ ਕੀਤੀ ਕਿ ਪਿੰਡ ਤੁੰਗਾਂ ਤਹਿਸੀਲ ਨਾਭਾ ਜ਼ਿਲ੍ਹਾ ਪਟਿਆਲਾ ਵਿਖੇ ਮਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਲਗਾਉਣ ਸਮੇਂ ਇੱਕ ਤੇਜ਼ ਰਫ਼ਤਾਰੀ ਟਰੈਕਟਰ ਚਾਲਕ ਵੱਲੋਂ ਮਨਰੇਗਾ ਮਜ਼ਦੂਰਾਂ ਨੂੰ ਕੁਚਲ ਦਿੱਤਾ ਗਿਆ ਸੀ।ਇਸ ਹਾਦਸੇ ਦੌਰਾਨ ਦੋ ਮਜ਼ਦੂਰ ਔਰਤਾਂ ਜਰਨੈਲ ਕੌਰ ਪਤਨੀ ਜੋਗਿੰਦਰ ਸਿੰਘ ਪਿੰਡ ਤੁੰਗਾਂ, ਦਰੋਪਤੀ ਕੌਰ ਪਤਨੀ ਭਾਗ ਸਿੰਘ ਦੀ ਮੌਤ ਹੋ ਗਈ ਸੀ,ਅਤੇ 8 ਮਨਰੇਗਾ ਮਜ਼ਦੂਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਸਨ। ਵਫ਼ਦ ਵਿੱਚ ਸ਼ਾਮਲ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਸੂਬਾਈ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ, ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਵਿੱਤ ਸਕੱਤਰ ਸਾਥੀ ਗੁਰਨਾਮ ਸਿੰਘ ਘਨੌਰ ਨੇ



ਮੰਗ ਕੀਤੀ ਕਿ ਹਾਦਸਾਗ੍ਰਸਤ ਮ੍ਰਿਤਕ ਮਜ਼ਦੂਰਾਂ ਦੇ ਪਰਿਵਾਰਿਕ ਮੈਂਬਰਾਂ 50-50 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ, ਅਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ,ਜ਼ਖ਼ਮੀ ਹੋਏ ਮਜ਼ਦੂਰਾਂ ਦੇ ਇਲਾਜ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇ,ਨਕਾਰਾ ਹੋਏ ਮਜ਼ਦੂਰਾਂ ਦੇ ਗੁਜ਼ਾਰੇ ਲਈ ਯੋਗ ਗੁਜ਼ਾਰਾ ਭੱਤਾ ਦਿੱਤਾ ਜਾਵੇ, ਹਾਦਸੇ ਦੌਰਾਨ ਜ਼ਖ਼ਮੀ ਮਜ਼ਦੂਰਾਂ ਦੇ ਇਲਾਜ ਦੌਰਾਨ ਉਨ੍ਹਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ। ਮਾਨਯੋਗ ਸੰਯੁਕਤ ਡਾਇਰੈਕਟਰ ਸ੍ਰੀ ਬਰਾੜ ਵੱਲੋਂ ਵਫ਼ਦ ਨੂੰ ਭਰੋਸਾ ਦਿਵਾਇਆ ਗਿਆ ਕਿ ਉਹ ਕਾਨੂੰਨ ਅਨੁਸਾਰ ਮ੍ਰਿਤਕ ਪਰਿਵਾਰਾਂ ਨੂੰ ਮੁਆਵਜ਼ਾ ਦੇਣਗੇ ਅਤੇ ਬਣਦੇ ਸਾਰੇ ਲਾਭ ਦੇਣ ਲਈ ਪਾਬੰਦ ਹੋਣਗੇ। ਵਫ਼ਦ ਵੱਲੋਂ ਇਹ ਮੰਗ ਕੀਤੀ ਗਈ ਕਿ ਮਾਰਚ ਮਹੀਨੇ ਤੋਂ ਬਾਅਦ ਬਹੁਤ ਸਾਰੇ ਪਿੰਡਾਂ ਦੇ ਮਨਰੇਗਾ ਮਜ਼ਦੂਰਾਂ ਨੂੰ ਡਿਮਾਂਡ ਦੇਣ ਤੋਂ ਬਾਅਦ ਕੰਮ ਨਹੀਂ ਦਿੱਤਾ ਜਾ ਰਿਹਾ ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਵਿਚ ਮਨਰੇਗਾ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ ਉਨ੍ਹਾਂ ਨੂੰ ਕੰਮ ਦਿੱਤਾ ਜਾਵੇਗਾ ਅਤੇ ਜਿਹੜੇ ਮਜ਼ਦੂਰਾਂ ਵੱਲੋਂ ਕੀਤੇ ਕੰਮਾਂ ਦੀ ਅਦਾਇਗੀ ਨਹੀਂ ਕੀਤੀ ਗਈ ਉਨ੍ਹਾਂ ਨੂੰ ਪੇਮੈਂਟ ਕਰਕੇ ਯੂਨੀਅਨ ਨੂੰ ਰਿਪੋਰਟ ਕੀਤੀ ਜਾਵੇਗੀ। ਵਫ਼ਦ ਵਿਚ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਸੀਟੂ ਦੇ ਸੂਬਾ ਕਮੇਟੀ ਮੈਂਬਰ ਸਾਥੀ ਸਿਕੰਦਰ ਬਖ਼ਸ਼ ਮੰਡ ਚੌਤਾ ਅਤੇ ਦੇਵ ਸਿੰਘ ਫੌਜੀ ਵੀ ਮੌਜੂਦ ਸਨ।

# ਜ਼ਿਲ੍ਹਾ ਮਾਲੇਰਕੋਟਲਾ ਵਿੱਚ ਫਰਾਈ ਡੇਅ ਡਰਾਈ ਡੇਅ ਲਈ ਬਣਾਈਆਂ ਟੀਮਾਂ

ਮਾਲੇਰਕੋਟਲਾ (ਲੋਕ ਬਾਣੀ) ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾਂ ਨਿਰਦੇਸ਼ਾਂ ਅਤੇ ਜਿਲ੍ਹਾ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ ਦੀ ਅਗਵਾਈ ਹੇਠ ਜਿਲ੍ਹਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਦੇ ਵਿੱਚ ਡੇਂਗੂ ਜਾਗਰੂਕਤਾ ਗਤੀਵਿਧੀਆਂ ਤੇਜ ਕਰ ਦਿੱਤੀਆਂ ਗਈਆ ਹਨ ਇਸ ਸੰਬੰਧੀ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦਫਤਰ ਸਿਵਲ ਸਰਜਨ ਮਾਲੇਰਕੋਟਲਾ ਐਨ. ਵੀ. ਬੀ. ਡੀ. ਸੀ. ਪੀ ਵਿੰਗ ਦੇ ਜਿਲ੍ਹਾ ਮੀਡੀਆ ਇੰਚਾਰਜ ਰਾਜੇਸ਼ ਰਿਖੀ ਵੱਲੋਂ ਜਾਰੀ ਜਾਣਕਾਰੀ ਤਹਿਤ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ ਨੇ ਦੱਸਿਆ ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਡੇਂਗੂ ਤੋਂ ਬਚਾਅ ਲਈ ਮਨਾਏ ਜਾਂਦੇ ਫਰਾਈਡੇਅ ਡਰਾਈ ਡੇਅ ਲਈ ਕੰਮ ਤੇਜ ਕਰ ਦਿੱਤਾ ਗਿਆ ਹੈ,ਇਸ ਮੌਕੇ ਗੱਲਬਾਤ ਕਰਦਿਆਂ ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਨੇ ਕਿਹਾ ਕੇ ਬਾਰਿਸ਼ ਤੋਂ ਬਾਅਦ ਲਾਰਵੇ ਦੇ ਪੈਦਾ ਹੋਣ ਦੀਆਂ ਸੰਭਾਵਨਾਵਾਂ ਵਧ ਜਾਂਦੀਆਂ ਹਨ ਇਸ ਲਈ ਸ਼ੁੱਕਰਵਾਰ ਨੂੰ ਪੂਰੇ ਜ਼ਿਲ੍ਹੇ ਵਿੱਚ ਵਿਸ਼ੇਸ਼ ਤੌਰ ਤੇ ਟੀਮਾਂ ਜਿਆਦਾ ਖਤਰੇ ਵਾਲੀਆਂ ਥਾਵਾਂ ਤੇ ਲਾਰਵੇ ਦਾ ਨਰੀਖਣ ਕਰਨਗੀਆਂ,ਇਸ ਮੌਕੇ ਗੱਲਬਾਤ ਕਰਦਿਆਂ ਜਿਲ੍ਹਾ ਐਪੀਡੀਮਾਲੋਜਿਸਟ ਡਾ. ਮੁਨੀਰ ਮੁਹੰਮਦ ਨੇ ਦੱਸਿਆ ਕੇ ਅਗਾਮੀ ਮਹੀਨਿਆਂ ਦੇ ਵਿੱਚ ਡੇਂਗੂ ਦੇ ਕੇਸ ਵਧਣ ਦੇ ਅਸਾਰ ਹੁੰਦੇ ਹਨ ਇਸ ਲਈ ਸਮੂਹ ਸਿਹਤ ਕਾਮਿਆਂ ਨੂੰ ਡੇਂਗੂ ਤੋਂ ਬਚਾਅ ਲਈ ਕੰਮ ਤੇਜ ਕਰਨ ਲਈ ਕਿਹਾ ਗਿਆ ਹੈ ਅਤੇ ਜਿਲ੍ਹਾ ਬਲਾਕ ਅਤੇ ਸੈਕਟਰ ਪੱਧਰ ਤੇ ਟੀਮਾਂ ਬਣਾਈਆਂ ਗਈਆਂ ਹਨ ਉਹਨਾਂ ਦੱਸਿਆ ਕੇ ਟੀਮ ਵਿੱਚ ਹੈਲਥ ਸੁਪਰਵਾਈਜਰ, ਮਲਟੀਪਰਪਜ ਹੈਲਥ ਵਰਕਰ ਮੇਲ, ਫੀਮੇਲ, ਆਸ਼ਾ ਦੀਆਂ ਟੀਮਾਂ ਗਠਿਤ ਕੀਤੀਆਂ ਹਨ ਅਤੇ ਇਹਨਾਂ ਟੀਮਾਂ ਵਿੱਚ ਲੋਕਲ ਸੰਸਥਾਵਾਂ ਦੇ ਨੁਮਾਇੰਦੇ ਵੀ ਕੰਮ ਕਰਨਗੇ ਤਾਂ ਜੋ ਜਿਲ੍ਹੇ ਦੇ ਲੋਕਾਂ ਨੂੰ ਡੇਂਗੂ ਤੋਂ ਪੂਰੀ ਤਰ੍ਹਾਂ ਬਚਾਇਆ ਜਾ ਸਕੇ, ਉਹਨਾਂ ਕਿਹਾ ਕੇ ਘਰਾਂ, ਦਫਤਰਾਂ ਵਿੱਚ ਕਿਸੇ ਵੀ ਥਾਂ ਵਾਧੂ ਪਾਣੀ ਨਾ ਖੜਨ ਦਿੱਤਾ ਜਾਵੇ ਇਸ ਮੌਕੇ ਪ੍ਰੋਗਰਾਮ ਸਹਾਇਕ ਮੁਹੰਮਦ ਰਾਸਿਦ ਅਤੇ ਬਿਕਰਮ ਸਿੰਘ ਸਮੇਤ ਸਮੂਹ ਸਿਹਤ ਕਾਮੇ ਹਾਜ਼ਰ ਸਨ

# ਧੰਨ ਧੰਨ ਬਾਬਾ ਛੱਜੋ ਜੀ ਦੀ ਨਿੱਘੀ ਯਾਦ ਵਿੱਚ ਮਨਾਏ ਜਾ ਰਹੇ ਮੇਲੇ ਵਿੱਚ ਹੁਮ ਹੁਮਾ ਕੇ ਪਹੁੰਚਣ ਸੰਗਤਾ। ਸਮੂਹ ਪ੍ਰਬੰਧਕ ਕਮੇਟੀ



ਮਾਨਾ ਵਾਲਾ (ਲੋਕ ਬਾਣੀ) ਧੰਨ ਧੰਨ ਬਾਬਾ ਛੱਜੋ ਜੀ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਮਸਿਆ ਦੇ ਦਿਹਾੜੇ ਮੌਕੇ ਪੂਰੀ ਧੂਮ ਧਾਮ ਦੇ ਨਾਲ ਅਤੇ ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਸਮੂਹ ਪ੍ਰਬੰਧਕ ਕਮੇਟੀ ਦਾ ਇਲਾਕੇ ਦੀਆਂ ਸੰਗਤਾਂ ਨੂੰ ਸੁਨੇਹਾ ਹੈ ਕਿ ਉਹ ਪੂਰੇ ਪਰਿਵਾਰ ਸਮੇਤ ਗੁਰੂ ਸਾਹਿਬ ਜੀ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ ਲਈ ਮੇਲੇ ਵਿੱਚ ਸ਼ਾਮਿਲ ਹੋਣ । ਮੇਲੇ ਸਬੰਧੀ ਸਮੂਹ ਪ੍ਰਬੰਧਕ ਕਮੇਟੀ ਕਮੇਟੀ ਵਲੋ ਜਾਨਕਾਰੀ ਸਹਿਤ ਦੱਸਿਆਂ ਗਿਆ ਕਿ ਸਵੇਰੇ 10 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਸੰਗਤ ਵਿੱਚ ਵਰਤਾਈ ਜਾਵੇਗੀ ਜਿਸ ਤੋਂ ਬਾਅਦ ਸ਼ਬਦ ਕੀਰਤਨ ਦਰਬਾਰ ਹੋਵੇਗਾ ਅਤੇ ਜਿਸਤੋ ਬਾਅਦ ਪਹੁੰਚ ਰਹੇ ਰਾਗੀ ਢਾਡੀਆ ਵੱਲੋਂ ਵੱਖ ਵੱਖ ਅਵਾਜ ਵਿਚ ਬਾਬਾ ਜੀ ਦੇ ਪ੍ਰਸੰਗ ਸੁਣਾ ਕੇ ਪਹੁੰਚਣ ਵਾਲੀਆਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਜਿਸ ਦੇ ਠੀਕ ਬਾਅਦ ਸਰਬਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਜਾਵੇਗੀ ਅਤੇ ਗੁਰੂ ਕਾ ਅਟੁੱਟ ਲੰਗਰ ਅਤੇ ਪੂਰਾ ਦਿਨ ਠੰਡੀ ਮਿੱਠੀ ਛਬੀਲ ਅਤੇ ਵੱਖ ਵੱਖ ਪ੍ਰਕਾਰ ਦੇ ਜੂਸ ਤਿਆਰ ਕਰਕੇ ਸੰਗਤ ਵਿੱਚ ਵਰਤਾਏ ਜਾਣਗੇ। ਇਸ ਸਬੰਧੀ ਗੁਰਦੁਆਰਾ ਸਾਹਿਬ ਜੀ ਦੇ ਸਰਪ੍ਰਸਤ ਪ੍ਰਧਾਨ ਸ੍ ਸਮਿੱਤਰ ਸਿੰਘ ਜੀ ਅਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਲਏ ਗਏ ਫੈਸਲੇ ਵਿਚ ਕਿਹਾ ਗਿਆ ਕਿ ਕੋਈ ਵੀ ਵਿਅਕਤੀ ਮੇਲੇ ਵਿੱਚ ਨਸ਼ੇ ਦਾ ਸੇਵਨ ਕਰਕੇ ਨਾ ਆਵੇ ਅਗਰ ਕੋਈ ਨਸ਼ੇ ਵਿੱਚ ਪਾਇਆ ਗਿਆ ਜਾਂ ਕਿਸੇ ਕਿਸਮ ਦੀ ਹੁੱਲੜਬਾਜੀ ਹੋਈ ਤਾਂ ਉਸਦੇ ਵਿਰੁੱਧ ਮੌਕੇ ਤੇ ਕਾਨੂੰਨ ਮੁਤਾਬਿਕ ਬਣਦੀ ਕਾਰਵਾਈ ਅਟੱਲ ਕੀਤੀ ਜਾਵੇਗੀ ।

# ਪਿੰਡ ਸੇਖਾ ਵਿੱਚ ਅੱਜ ਲਾਇਆ ਜਾਵੇਗਾ ਸਰਕਾਰ ਤੁਹਾਡੇ ਦੁਆਰ ਤਹਿਤ ਵਿਸ਼ੇਸ਼ ਕੈਂਪ: ਡਿਪਟੀ ਕਮਿਸ਼ਨਰ

ਬਰਨਾਲਾ, (ਲੋਕ ਬਾਣੀ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੰਸਦ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਦੀ ਸੋਚ ਸਦਕਾ ਲੋਕਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਉਨ੍ਹਾਂ ਦੇ ਘਰਾਂ ਦੇ ਨੇੜੇ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਆਈ ਏ ਐੱਸ ਨੇ ਦੱਸਿਆ ਕਿ ਇਸ ਲੜੀ ਅਧੀਨ ਸਰਕਾਰ ਤੁਹਾਡੇ ਦੁਆਰ ਤਹਿਤ ਵਿਸ਼ੇਸ਼ ਕੈਂਪ ਭਲਕੇ 5 ਜੁਲਾਈ ਨੂੰ ਪਿੰਡ ਸੇਖਾ ਦੀ ਸਟੋਰਾ ਪੱਤੀ ਧਰਮਸ਼ਾਲਾ ਵਿੱਚ ਸਵੇਰੇ 9 ਵਜੇ ਤੋਂ ਲਗਾਇਆ ਜਾਵੇਗਾ, ਜਿਸ ਅਧੀਨ ਆਸ-ਪਾਸ ਦੇ ਹੋਰ ਪਿੰਡਾਂ ਉਪਲੀ, ਕੱਟੂ ਤੇ ਬਰਨਾਲਾ (ਦਿਹਾਤੀ) ਦੇ ਲੋਕਾਂ ਨੂੰ ਕੈਂਪ ਵਿੱਚ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਵੱਖ ਵੱਖ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਵਿਭਾਗਾਂ/ ਸ਼ਾਖਾਵਾਂ ਵੱਲੋਂ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਅਤੇ ਮੌਕੇ ਉੱਤੇ ਰਜਿਸਟ੍ਰੇਸ਼ਨ ਕੀਤੀ ਜਾਵੇਗੀ ਤੇ ਲੋੜ ਅਨੁਸਾਰ ਸਰਕਾਰੀ ਦਸਤਾਵੇਜ਼ ਵੀ ਤਿਆਰ ਕਰਕੇ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਪ੍ਰਾਪਤ ਅਰਜ਼ੀਆਂ ਦਾ ਮੌਕੇ ਤੇ ਹੀ ਨਿਪਟਾਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਸਬੰਧ ਵਿੱਚ ਐੱਸਡੀਐਮ ਬਰਨਾਲਾ ਸ੍ਰੀ ਵਰਿੰਦਰ ਸਿੰਘ ਨੇ ਅੱਜ ਸਟੋਰਾ ਪੱਤੀ ਧਰਮਸ਼ਾਲਾ ਵਿਖੇ ਵੱਖ ਵੱਖ



ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਮੀਟਿੰਗ ਕੀਤੀ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਾਰੇ ਵਿਭਾਗਾਂ ਨੂੰ ਸਮੇਂ ਸਿਰ ਆਪਣੇ ਕਾਊਂਟਰ ਸਥਾਪਿਤ ਕਰਨ, ਸਰਕਾਰੀ ਸਕੀਮਾਂ ਬਾਰੇ ਬੈਨਰ ਲਗਾਉਣ ਸਮੇਤ ਹੋਰ ਲੋੜੀਂਦੇ ਪ੍ਰਬੰਧ ਅੱਜ ਹੀ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕੈਂਪ ਦੌਰਾਨ ਲੋਕਾਂ ਨੂੰ ਕਿਸੇ ਤਰਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮੌਕੇ ਉੱਤੇ ਪੈਨ ਕਾਰਡ, ਆਧਾਰ ਕਾਰਡ ਅਤੇ ਪੀ.ਐਮ. ਕਿਸਾਨ ਨਿਧੀ ਕਾਰਡ, ਵਿਧਵਾ /ਆਸ਼ਰਤ, ਬੁਢਾਪਾ ਪੈਨਸ਼ਨ ਲਈ, ਕਿਰਤ ਵਿਭਾਗ ਦੀਆਂ ਸਕੀਮਾਂ, ਸ਼ਗਨ ਸਕੀਮ, ਰਿਹਾਇਸ਼ੀ ਪਤੇ ਚ ਸੋਧ ਕਰਵਾਉਣ ਲਈ, ਪੜ੍ਹਾਈ / ਖੇਤੀਬਾੜੀ / ਪਰਸਨਲ / ਘਰ ਲਈ ਕਰਜ਼ਿਆਂ ਸਬੰਧੀ, ਪੁਲਿਸ ਵੈਰੀਫਿਕੇਸ਼ਨ ਆਦਿ ਸਬੰਧੀ ਬੇਨਤੀ ਪੱਤਰ ਦਿੱਤੇ ਜਾ ਸਕਦੇ ਹਨ। ਉਨ੍ਹਾਂ ਇਨ੍ਹਾਂ ਪਿੰਡਾਂ ਦੇ ਵਾਸੀਆਂ ਨੂੰ ਕੈਂਪ ਦਾ ਲਾਹਾ ਲੈਣ ਦੀ ਅਪੀਲ ਕੀਤੀ।

# ਪਿੰਡ ਬੁਰਜ ਪੱਕਾ ਹੋਏ ਕੁਸ਼ਤੀ ਮੁਕਾਬਲਿਆਂ 'ਚ ਲੱਖੀ ਗਰਚਾ ਨੇ ਨੂਰ ਆਲਮਗੀਰ ਨੂੰ ਚਿੱਤ ਕੀਤਾ , ਭੋਲਾ ਬਾਬਾ ਫਲਾਹੀ ਨੇ ਸ਼ੰਮੀ ਲੁਧਿਆਣਾ ਨੂੰ ਹਰਾਇਆ

ਸ੍ਰੀ ਮਾਛੀਵਾੜਾ ਸਾਹਿਬ (ਲੋਕ ਬਾਣੀ) ਪਿੰਡ ਬੁਰਜ ਪੱਕਾ ਵਿਖੇ ਬਾਬਾ ਦੀਨਾ ਸ਼ਾਹ ਦੇ ਦਰਬਾਰ ਅਤੇ ਸਮੂਹ ਗਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ, ਨਗਰ ਨਿਵਾਸੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ ਭੰਡਾਰਾ ਤੇ ਵਿਸ਼ਾਲ ਕੁਸਤੀ ਦੰਗਲ ਕਰਵਾਇਆ ਗਿਆ। ਇਸ ਕੁਸਤੀ ਦੰਗਲ ਸਬੰਧੀ ਗੱਦੀ ਨਸ਼ੀਨ ਸੁਖਜੀਤ ਸਿੰਘ ਚੀਨਾ ਅਤੇ ਅਵਤਾਰ ਸਿੰਘ ਕਾਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਛਿੰਝ ਮੇਲੇ ਵਿੱਚ 120 ਤੋਂ ਵੱਧ ਪਹਿਲਵਾਨਾਂ ਨੇ ਆਪਣੇ ਕੁਸ਼ਤੀ ਦੇ ਜੌਹਰ ਦਿਖਾਏ ਅਤੇ ਵੱਡੀ ਗਿਣਤੀ ਵਿਚ ਇੱਕਠੇ ਹੋਏ ਦਰਸ਼ਕਾਂ ਤੋਂ ਵਾਹ ਵਾਹ ਖੱਟੀ। ਇਸ ਛਿੰਝ ਮੇਲੇ ਦੀ ਕੁਮੈਂਟਰੀ ਆਲਮ ਖੇੜੀ ਨੇ ਆਪਣੇ ਲੱਛੇਦਾਰ ਬੋਲਾਂ ਨਾਲ ਕੀਤੀ। ਇਸ ਛਿੰਝ ਮੇਲੇ ਦੌਰਾਨ ਝੰਡੀ ਦੀਆਂ ਤਿੰਨ ਇੱਕ ਨੰਬਰ ਵਿੱਚ ਕੁਸਤੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਪਹਿਲੀ ਝੰਡੀ ਦੀ ਕੁਸਤੀ ਲੱਖੀ ਗਰਚਾ ਅਤੇ ਨੂਰ ਆਲਮਗੀਰ ਦਰਮਿਆਨ ਕਰਵਾਈ ਗਈ, ਦੋਨਾਂ ਪਹਿਲਵਾਨਾਂ ਵਿੱਚ ਕਾਂਟੇ ਦੀ ਟੱਕਰ ਤੋਂ ਬਾਅਦ ਲੱਖੀ ਗਰਚਾ ਨੇ ਝੰਡੀ ਦੀ ਕੁਸਤੀ ਵਿੱਚ ਜਿੱਤ ਪ੍ਰਾਪਤ ਕਰ ਲਈ। ਦੋ ਨੰਬਰ ਝੰਡੀ ਵਿੱਚ ਹਰਸ਼ ਤੱਖਰਾਂ ਅਤੇ ਕੀਰਤੀ ਖੰਨਾ ਦਰਮਿਆਨ ਹੋਈ, ਕੁਸਤੀ ਦੌਰਾਨ ਅਰਸ਼ ਤੱਖਰਾਂ ਦੇ ਸੱਟ ਲੱਗਣ ਕਾਰਨ ਪ੍ਰਬੰਧਕਾਂ ਨੇ ਦੋਨਾਂ ਪਹਿਲਵਾਨਾਂ ਦਰਮਿਆਨ ਕੁਸਤੀ ਬਰਾਬਰ ਕਰਾਰ ਦੇ ਦਿੱਤੀ। ਤੀਜੀ ਇੱਕ ਨੰਬਰ ਝੰਡੀ ਦੀ ਕੁਸਤੀ ਵਿੱਚ ਭੋਲਾ ਬਾਬਾ ਫਲਾਹੀ ਨੇ ਸ਼ੰਮੀ ਲੁਧਿਆਣਾ ਨੂੰ ਇੱਕ ਜਬਰਦਸਤ ਮੁਕਾਬਲੇ ਦੌਰਾਨ ਚਿੱਤ ਕਰਕੇ ਜਿੱਤ ਪ੍ਰਾਪਤ ਕਰ ਲਈ। ਹੋਰ ਮੁਕਾਬਲਿਆਂ ਵਿੱਚ ਜੋਤ ਮਲਕਪੁਰ ਨੇ ਗੂੰਗਾ ਲੱਲੀਆਂ ਨੂੰ, ਸਿੰਮਾ ਮਲਕਪੁਰ ਨੇ ਚਮਨ ਬਾਬਾ ਫਲਾਹੀ ਨੂੰ, ਜੱਸੀ ਢਿੱਲਵਾਂ ਨੇ ਰਣਜੀਤ ਊਧਾ ਨੂੰ, ਸੁੱਖੇ ਨੇ ਸੂਰਜ ਦੋਰਾਹੇ ਨੂੰ, ਗੋਰਾ ਰੁੜਕੀ ਨੇ ਰਣਜੀਤ ਨੂੰ, ਬੂਟਾ ਮੰਡ ਚੌਂਤਾ ਨੇ ਸੰਦੀਪ ਜਾਡਲਾ ਨੂੰ ਕ੍ਰਮਵਾਰ ਚਿੱ ਕੀਤਾ। ਇਸ ਮੌਕੇ ਛਿੰਝ ਤੋਂ ਇਲਾਵਾ ਦਰਗਾਹ ਤੇ ਸਲਾਨਾ ਭੰਡਾਰਾ ਵੀ ਕਰਵਾਇਆ ਗਿਆ ਅਤੇ ਸ਼ਾਮ ਨੂੰ ਕਵਾਲੀਆਂ ਦੀ ਮਹਿਫਲ ਵੀ ਸਜਾਈ ਗਈ ਜਿੱਥੇ ਚੋਟੀ ਦੇ ਕਵਾਲਾਂ ਨੇ ਆਪਣਾ ਜਾਦੂ ਬਿਖੇਰਦੇ ਹੋਏ ਕਾਇਨਾਤ ਵਿੱਚ ਆਪਣਾ ਰੰਗ ਬਿਖੇਰ ਕੇ ਚਾਰ ਚੰਨ ਲਗਾ ਦਿੱਤੇ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਮੁੱਖ ਮਹਿਮਾਨ ਰਾਜਵੰਤ ਸਿੰਘ ਕੂੰਨਰ ਸੀਨੀ: ਕਾਂਗਰਸੀ ਆਗੂ ਸਾਬਕਾ ਚੇਅਰਮੈਨ ਬਲਾਕ ਸੰਮਤੀ ਮਾਛੀਵਾੜਾ, ਗੱਦੀ ਨਸ਼ੀਨ ਬਾਬਾ ਸੁਖਜੀਤ ਸਿੰਘ ਗਰੇਵਾਲ, ਬਹਾਦਰ ਮਾਨ, ਬੱਬੀ ਸ਼ਾਹ ਚੌਂਤਾ, ਸੁਖਵਿੰਦਰ ਸਿੰਘ ਬਿੱਟੂ (ਖੰਨੇ ਵਾਲੇ), ਚਰਨਜੀਤ ਸਿੰਘ ਕੈਨੇਡਾ,ਜਰਨੈਲ ਮਾਨ, ਯਾਦਵਿੰਦਰ ਸਿੰਘ ਯੂ. ਐਸ. ਏ., ਸੁਖਜੀਤ ਸਿੰਘ ਚੀਮਾ, ਬਲਜੀਤ ਸਿੰਘ ਗਰੇਵਾਲ, ਜਗਰੂਪ ਸਿੰਘ ਮਾਨ, ਗੁਰਮੁੱਖ ਸਿੰਘ ਟਾਂਡਾ ਕਾਲੀਆ, ਹੁਸ਼ਿਆਰ ਸਿੰਘ, ਗੁਰਜੀਤ ਸਿੰਘ, ਗੁਰਬਚਨ ਸਿੰਘ ਸਾਬਕਾ ਸਰਪੰਚ, ਰਣਜੋਧ ਸਿੰਘ ਮਾਨ, ਬਾਬਾ ਦੀਪਾ ਬਾਬਾ ਫਲਾਹੀ, ਪਹਿਲਵਾਨ ਮੁਲਖ ਰਾਜ, ਜਗਰੂਪ ਸਿੰਘ ਗੁਰਮ, ਹਾਕਮ ਸਿੰਘ ਟਾਂਡਾ ਆਦਿ ਤੋਂ ਇਲਾਵਾ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਦੰਗਲ ਮੇਲੇ ਦੇ ਪੁੱਜੇ ਪਹਿਲਵਾਨਾਂ ਅਤੇ ਆਏ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਹਿਲਵਾਨਾਂ ਨੂੰ ਉਨ੍ਹਾਂ ਦੀ ਸਿਹਤ ਦਾ ਖਿਆਲ ਰੱਖਦੇ ਹੋਏ ਦੇਸੀ ਘਿਉ ਵੀ ਵੰਡਿਆ ਗਿਆ। ਇਸ ਕੁਸ਼ਤੀ ਦੰਗਲ ਦੇ ਮੁੱਖ ਪ੍ਰਬੰਧਕ ਗੱਦੀ ਨਸ਼ੀਨ ਸੁਖਜੀਤ ਸਿੰਘ ਗਰੇਵਾਲ, ਸਮੂਹ ਪ੍ਰਬੰਧਕ ਕਮੇਟੀ, ਗਰਾਮ ਪੰਚਾਇਤ ਅਤੇ ਨਗਰ ਨਿਵਾਸੀ ਆਦਿ ਹਾਜਰ ਸਨ।



# ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਸੈਦਪੁਰਾ ਚ ਬੂਟੇ ਲਗਾਏ

ਡੇਰਾਬਸੀ, (ਲੋਕ ਬਾਣੀ) ਸੈਦਪੁਰਾ ਵਿਖੇ ਸਥਿਤ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਚ ਵੱਖ-ਵੱਖ ਪ੍ਰਜਾਤੀਆਂ ਦੇ 20 ਦੇ ਕਰੀਬ ਬੂਟੇ ਲਗਾਏ ਗਏ। ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਸਤਿਗੁਰ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਛਾਂਦਾਰ ਪੌਦੇ ਲਗਾਏ ਗਏ ਹਨ, ਜਿਸ ਵਿੱਚ ਨਿੰਮ, ਜਾਮੁਨ ਦੇ ਬੂਟੇ ਲਗਾਏ ਗਏ ਹਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਛਾਂ ਪ੍ਰਦਾਨ ਕੀਤੀ ਜਾ ਸਕੇ। ਸਾਰਿਆਂ ਨੇ ਰੁੱਖਾਂ ਨੂੰ ਬਚਾਉਣ ਅਤੇ ਆਪਣੀ ਖਾਲੀ ਪਈ ਜ਼ਮੀਨ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਪ੍ਰਣ ਲਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਜੇ ਕੁਮਾਰ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਇੱਕ ਚੰਗਾ ਕੰਮ ਹੈ ਜਿਸ ਵਿੱਚ ਸਕੂਲ ਦੇ ਵਿਦਿਆਰਥੀ ਅਤੇ ਸਮੁੱਚਾ ਸਟਾਫ ਬੂਟੇ ਲਗਾ ਕੇ ਵਣ ਮਹਾਉਤਸਵ ਮਨਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਬਜਾਏ ਸਾਡੇ ਲਈ ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਘੱਟ ਰੁੱਖ ਲਗਾ ਕੇ ਉਨ੍ਹਾਂ ਦੀ ਪੂਰੀ ਸੰਭਾਲ ਕਰੀਏ । ਇਸ ਮੌਕੇ ਸਕੂਲ ਸਟਾਫ਼ ਸਤਨਾਮ ਸਿੰਘ, ਮਨਜੀਤ ਸਿੰਘ, ਅਮਰਦੀਪ ਸਿੰਘ, ਸੰਭਵ ਅਤੇ ਸਮੁੱਚਾ ਸਟਾਫ਼ ਹਾਜ਼ਰ ਸੀ ।ਡੇਰਾਬੱਸੀ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਗੌਰਵ ਅਰੋੜਾ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ ।



# ਭੁੱਲਰਹੇੜੀ ਗਰਿੱਡ ਵਿੱਚ ਪਾਏ ਜਾ ਰਹੇ ਅੜਿੱਕਿਆਂ ਦੀ ਭਾਕਿਯੂ ਨੇ ਕੀਤੀ



ਧੂਰੀ, (ਲੋਕ ਬਾਣੀ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਸੁਰਜੀਤ ਸਿੰਘ ਸੀ. ਮੀਤ ਪ੍ਰਧਾਨ ਬਲਾਕ ਸ਼ੇਰਪੁਰ ਅਤੇ ਬਲਵਿੰਦਰ ਸਿੰਘ ਜੱਖਲਾਂ ਸਰਪ੍ਰਸਤ ਅਤੇ ਸੁਖਪਾਲ ਸਿੰਘ ਕਾਂਝਲਾ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 5 ਅਗਸਤ ਨੂੰ ਦਰਿਆਈ ਪਾਣੀਆਂ ਦੇ ਮੁੱਦੇ ਅਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫ਼ੈਸਲਾ ਕੀਤਾ ਗਿਆ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਰਿਪੇਰੀਅਨ ਸਿਧਾਂਤ ਅਨੁਸਾਰ ਪਾਣੀਆਂ ਦੀ ਮਾਲਕੀ ਤੇ ਪੰਜਾਬ ਦਾ ਹੱਕ ਬਹਾਲ ਕਰਨ ਦੀ ਮੰਗ ਕੀਤੀ ਗਈ ਅਤੇ ਪੰਜਾਬ ਪੁਨਰਗਠਨ ਐਕਟ ਦੀ ਧਾਰਾ 78,79 ਰੱਦ ਕਰਨ ਦੀ ਮੰਗ ਕੀਤੀ ਗਈ।

ਮੀਟਿੰਗ ਦੌਰਾਨ ਇੱਕ ਸਨਅਤਕਾਰ ਵੱਲੋਂ ਸਿਆਸੀ ਪੁਸ਼ਤ ਪਨਾਹੀ ਸਦਕਾ ਭੁੱਲਰਹੇੜੀ ਗਰਿੱਡ ਵਿੱਚ ਡਾਹੇ ਜਾ ਰਹੇ ਅੜਿੱਕੇ ਦੀ ਨਿੰਦਾਂ ਕਰਦਿਆਂ ਜਲਦੀ ਗਰਿੱਡ ਚਾਲੂ ਕਰਵਾਉਣ ਦੀ ਮੰਗ ਕੀਤੀ ਗਈ।

ਇਸ ਮੌਕੇ ਸੁਖਪਾਲ ਸਿੰਘ ਕਾਂਝਲਾ, ਸ਼ੇਰ ਸਿੰਘ ਦੌਹਲਾ, ਗੁਰਨਾਮ ਸਿੰਘ ਕਾਂਝਲਾ, ਮਲਕੀਤ ਸਿੰਘ ਕੰਧਾਰਗੜ੍ਹ, ਮਲਕੀਤ ਸਿੰਘ ਜੱਖਲਾਂ, ਗੁਰਮੁੱਖ ਸਿੰਘ ਜੱਖਲਾਂ, ਅਤਾਰ ਸਿੰਘ ਭੱਟੀਆਂ, ਚਮਕੌਰ ਸਿੰਘ ਕੱਕੜਵਾਲ ਅਤੇ ਦੀਦਾਰ ਸਿੰਘ ਬਰੜ੍ਹਵਾਲ ਵੀ ਹਾਜਰ ਸਨ।

# ਨਵਾਬ ਸ਼ੇਰ ਮੁਹੰਮਦ ਖ਼ਾਨ ਵੈੱਲਫੇਅਰ ਸੁਸਾਇਟੀ ( ਰਜਿ.) ਮਾਲੇਰਕੋਟਲਾ ਵਲੋਂ ਕੁਰਾਨ ਸ਼ਰੀਫ਼ ਨੂੰ ਜੁਬਾਨੀ ਯਾਦ ਕਰਨ ਵਾਲੇ ਹਾਫਿਜਾ ਦਾ ਸਨਮਾਨ 7 ਨੂੰ



ਮਾਲੇਰਕੋਟਲਾ (ਲੋਕ ਬਾਣੀ) ਸ਼ਹਿਰ ਦੀ ਨਾਮਵਰ ਸੰਸਥਾ ਨਵਾਬ ਸ਼ੇਰ ਮੁਹੰਮਦ ਖ਼ਾਨ ਵੈੱਲਫੇਅਰ ਸੁਸਾਇਟੀ ( ਰਜਿ.) ਮਾਲੇਰਕੋਟਲਾ ਵਲੋਂ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿਛਲੇ ਡੇਢ ਸਾਲ ਵਿੱਚ ਬਣੇ ਮੁਕੱਦਸ ਅਸਮਾਨੀ ਕਿਤਾਬ ਕੁਰਾਨ ਪਾਕ ਨੂੰ ਜੁਬਾਨੀ ਯਾਦ ਕਰਨ ਵਾਲੇ ਜ਼ਿਲ੍ਹਾ ਮਾਲੇਰਕੋਟਲਾ ਨਾਲ ਸੰਬੰਧਿਤ ਹਾਫ਼ਿਜ਼ ਸਾਹਿਬਾਨ ਜਿਨਾਂ ਦਾ ਸੰਬੰਧ ਪੰਜਾਬ ਨਾਲ ਹੋਵੇ (ਪੰਜਾਬੀ) ਉਹਨਾਂ ਨੂੰ ਸਨਮਾਨ ਕਰਨ ਦਾ ਪ੍ਰੋਗਰਾਮ ਕਰਨ ਜਾ ਰਹੀ ਹੈ ਜਿਸ ਸਬੰਧੀ ਗੱਲਬਾਤ ਕਰਦੇ ਹੋਏ ਸੰਸਥਾ ਦੇ ਪ੍ਰਧਾਨ ਮੁਹੰਮਦ ਆਰਿਫ਼ ਖਾਨ ਨੇ ਦੱਸਿਆ ਹੈ ਕਿ ਪੰਜਾਬ ਦੇ ਰਹਿਣ ਵਾਲੇ ਸਾਹਿਬਾਨ ਨੂੰ ਸਨਮਾਨਿਤ ਕਰਨ ਦਾ ਉਹਨਾਂ ਦਾ ਇਹ ਇਹ ਦੂਜਾ ਪ੍ਰੋਗਰਾਮ ਹੈ ਪਹਿਲਾ ਅਸੀਂ ਪਿਛਲੇ ਡੇਢ ਸਾਲ ਪਹਿਲਾ ਇਹੋ ਹੌਸਲਾ ਆਫਜਾਈ ਪ੍ਰੋਗਰਾਮ ਕੀਤਾ ਸੀ ਜਿਸ ਵਿੱਚ 35 ਬੱਚਿਆਂ ਅਤੇ ਉਹਨਾਂ ਦੇ ਉਸਤਾਦ ਸਾਹਿਬਾਨ ਨੂੰ ਸਨਮਾਨ ਕੀਤਾ ਅਤੇ ਇਸ 2023 -24 ਦੇ ਵਿਚ ਜ਼ਿਲ੍ਹਾ ਮਾਲੇਰਕੋਟਲਾ ਦੇ 30 ਦੇ ਲੱਗਭੱਗ ਬੱਚਿਆਂ ਦੇ ਨਾਮ ਸੰਸਥਾ ਕੋਲ ਆਏ ਹਨ ਜਿਨ੍ਹਾਂ ਹੌਸਲਾ ਅਫ਼ਜ਼ਾਈ ਲਈ ਨੂੰ ਸਨਮਾਨ ਦਾ ਪ੍ਰੋਗਰਾਮ 7 ਜੁਲਾਈ 2024 ਨੂੰ ਸਵੇਰੇ 10 ਵਜੇ ਮੁਹੰਮਦੀ ਮਸਜਿਦ ਨੇੜੇ ਬੱਸ ਸਟੈਂਡ ਮਾਲੇਰਕੋਟਲਾ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਮੁੱਖ ਮਹਿਮਾਨ ਮੁਫ਼ਤੀ ਮੁਹੰਮਦ ਦਿਲਸ਼ਾਦ ਕਾਸਮੀ ਅਤੇ ਮੌਲਾਨਾ ਮੁਹੰਮਦ ਅਨਵਰ ਅੰਮ੍ਰਿਤਸਰੀ ਸਾਹਿਬ ਦੇ ਨਾਲ ਨਾਲ ਇਹਨਾਂ ਬੱਚਿਆਂ ਦੀ ਹੌਸਲਾ ਅਫਜ਼ਾਈ ਲਈ ਸ਼ਹਿਰ ਦੇ ਧਾਰਮਿਕ ਅਤੇ ਸਮਾਜ ਸੇਵੀ ਨਾਮਵਰ ਲੋਕ ਵੀ ਹਾਜ਼ਰੀ ਲਗਵਾਉਣਗੇ

# ਜੰਗਲਾਤ ਵਿਭਾਗ ਨੇ ਹੁਣ ਤੱਕ 80 ਹਜ਼ਾਰ ਰੁਪਏ ਦੇ ਵੇਚੇ ਬੂਟੇ

ਡੇਰਾਬਸੀ, (ਲੋਕ ਬਾਣੀ) ਇਸ ਸਾਲ ਜੰਗਲਾਤ ਵਿਭਾਗ ਵੱਲੋਂ ਬੂਟੇ ਮੁਫਤ ਦੇਣ ਦੀ ਬਜਾਏ ਵੇਚੇ ਜਾ ਰਹੇ ਹਨ। ਕੁਝ ਹੀ ਦਿਨਾਂ ਵਿੱਚ ਵਿਭਾਗ ਵੱਲੋਂ 4 ਹਜ਼ਾਰ ਦੇ ਕਰੀਬ ਬੂਟੇ ਵੇਚੇ ਜਾ ਚੁੱਕੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਜੰਗਲਾਤ ਵਿਭਾਗ ਦੇ ਰੇਂਜ ਅਫ਼ਸਰ ਜੈਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਵੱਖ-ਵੱਖ ਕਿਸਮਾਂ ਦੇ 4000 ਦੇ ਕਰੀਬ ਬੂਟੇ ਵੇਚੇ ਗਏ ਹਨ, ਜਿਨ੍ਹਾਂ ਤੋਂ 80 ਹਜ਼ਾਰ ਰੁਪਏ ਦੀ ਵਸੂਲੀ ਹੋਈ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਸੰਸਥਾਵਾਂ ਤੋਂ ਇਲਾਵਾ ਆਮ ਨਾਗਰਿਕ ਵੀ ਆਪਣੇ ਘਰਾਂ ਦੇ ਬਾਹਰ ਰੁੱਖ ਲਗਾਉਣ ਲਈ ਇੱਥੋਂ ਬੂਟੇ ਖਰੀਦ ਰਹੇ ਹਨ। ਪੌਦਿਆਂ ਚ ਵੱਡੀ ਗਿਣਤੀ ਵਿੱਚ ਲੋਕ ਨਿੰਮ ਅਤੇ ਜਾਮੁਨ ਦੇ ਪੌਦੇ ਖਰੀਦ ਰਹੇ ਹਨ। ਮਾਨਸੂਨ ਅਜੇ ਸ਼ੁਰੂ ਹੋਇਆ ਹੈ ਅਤੇ ਅਗਲੇ 2 ਮਹੀਨਿਆਂ ਤੱਕ ਲੋਕਾਂ ਦੀ ਇਸ ਵਿੱਚ ਦਿਲਚਸਪੀ ਰਹੇਗੀ। ਇਸ ਸਾਲ ਗਰਮੀ ਦੇ ਕਹਿਰ ਕਾਰਨ ਲੋਕਾਂ ਵਿੱਚ ਰੁੱਖ ਲਗਾਉਣ ਦਾ ਰੁਝਾਨ ਹੈ। ਦੱਸ ਦੇਈਏ ਕਿ ਇਸ ਵਾਰ ਜੰਗਲਾਤ ਵਿਭਾਗ ਨੇ ਪੌਦਿਆਂ ਦੀ ਕੀਮਤ ਤੈਅ ਕੀਤੀ ਹੈ, ਇਸ ਤੋਂ ਪਹਿਲਾਂ ਇਹ ਪੌਦੇ ਮੁਫ਼ਤ ਦਿੱਤੇ ਜਾਂਦੇ ਸਨ। ਵਿਭਾਗ ਵੱਲੋਂ ਹਰ ਸਾਲ ਮੌਨਸੂਨ ਦੌਰਾਨ ਡੇਢ ਲੱਖ ਦੇ ਕਰੀਬ ਬੂਟੇ ਲੋਕਾਂ ਨੂੰ ਮੁਫ਼ਤ ਵੰਡੇ ਜਾਂਦੇ ਹਨ। ਲੋਕ ਮੁਫਤ ਵਿਚ ਵੱਡੀ ਗਿਣਤੀ ਵਿਚ ਬੂਟੇ ਲੈ ਲੈਂਦੇ ਸਨ ਪਰ ਦੇਖਣ ਵਿਚ ਆਇਆ ਹੈ ਕਿ ਲੋਕ ਬਹੁਤ ਘੱਟ ਗਿਣਤੀ ਵਿਚ ਬੂਟੇ ਲਗਾਉਂਦੇ ਹਨ ਅਤੇ ਬਾਅਦ ਵਿਚ ਉਨ੍ਹਾਂ ਦੀ ਸੰਭਾਲ ਵੀ ਨਹੀਂ ਕਰਦੇ। ਜਦੋਂ ਕੋਈ ਚੀਜ਼ ਮੁਫ਼ਤ ਵਿੱਚ ਦਿੱਤੀ ਜਾਂਦੀ ਹੈ, ਤਾਂ ਉਸ ਦੀ ਕਦਰ ਨਹੀਂ ਕੀਤੀ ਜਾਂਦੀ। ਇਸ ਸਮੇਂ ਵਿਭਾਗ ਕੋਲ 2.5 ਲੱਖ ਦੇ ਕਰੀਬ ਬੂਟੇ ਤਿਆਰ ਹਨ। ਬੂਟੇ ਲਗਾਉਣ ਲਈ ਕਾਫੀ ਮਿਹਨਤ ਕਰਨੀ ਪੈਂਦੀ ਹੈ ਅਤੇ ਇਸ ਦਾ ਖਰਚਾ ਵੀ ਕਾਫੀ ਹੁੰਦਾ ਹੈ। ਮਾਮੂਲੀ ਕੀਮਤ ਰੱਖੀ ਗਈ ਹੈ ਤਾਂ ਜੋ ਪੌਦੇ ਖਰੀਦਣ ਵਾਲੇ ਉਨ੍ਹਾਂ ਦੀ ਦੇਖਭਾਲ ਕਰਨਗੇ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਭਾਗ ਵੱਲੋਂ ਪੌਦਿਆਂ ਦੀ ਕੀਮਤ ਤੈਅ ਕੀਤੀ ਗਈ ਹੈ, ਜਿਸ ਤਰ੍ਹਾਂ ਤੁਹਾਨੂੰ ਪਾਲੀਥੀਨ ਬੈਗ ਵਿੱਚ 6ਗ9 ਦਾ ਬੂਟਾ 20 ਰੁਪਏ ਵਿੱਚ ਮਿਲੇਗਾ, ਇਸੇ ਤਰ੍ਹਾਂ ਜੇਕਰ ਤੁਸੀਂ ਖਰੀਦਿਆ ਹੈ ਤਾਂ ਇੱਕ ਸਜਾਵਟੀ ਬੂਟਾ 25 ਰੁਪਏ ਅਤੇ 35 ਰੁਪਏ ਵਿੱਚ ਉਪਲਬਧ ਹੋਵੇਗਾ। ਜੇਕਰ ਤੁਸੀਂ ਇੱਕ ਵੱਡਾ ਪੌਦਾ ਚਾਹੁੰਦੇ ਹੋ, ਇਸਦਾ ਆਕਾਰ 9ਗ12 ਹੈ, ਤੁਹਾਨੂੰ ਇਹ 50 ਰੁ: ਵਿੱਚ ਮਿਲੇਗਾ ਅਤੇ ਇਸਦੀ ਉਚਾਈ ਲਗਭਗ 5 ਫੁੱਟ ਹੋਵੇਗੀ। ਉਨ੍ਹਾਂ ਦੱਸਿਆ ਕਿ ਵਿਭਾਗ ਕੋਲ ਕਰੀਬ 12 ਕਿਸਮਾਂ ਦੇ ਰੁੱਖ ਹਨ। ਇਸ ਤੋਂ ਇਲਾਵਾ ਵਿਭਾਗ ਕੋਲ ਮੈਡੀਸਨ ਪਲਾਂਟ ਵੀ ਉਪਲਬਧ ਹਨ। ਸਰਕਾਰ ਸਾਡੇ ਇਲਾਕੇ ਨੂੰ ਹਰਿਆ ਭਰਿਆ ਬਣਾਉਣ ਲਈ ਪੂਰੀ ਕੋਸ਼ਿਸ਼ ਕਰ ਰਹੀ ਹੈ,



ਇਸ ਲਈ ਅਸੀਂ ਦਿਨ ਰਾਤ ਮਿਹਨਤ ਕਰ ਰਹੇ ਹਾਂ।

## ,ਕਾਵਿ ਵਿਅੰਗ
## ,**ਹਾਥਰਸ ਦੀ ਘਟਨਾ*,

ਮੱਚੀ ਭਗਦੜ ਸੀ ' ਹਾਥਰਸ, ਅੰਦਰ,
ਲੱਗੇ ਉੱਥੇ ਲੋਥਾਂ ਦੇ ਢੇਰ ਮੀਆਂ।
ਫਿਰ ਮਾਂਵਾਂ ਨੇ ਪੁੱਤ ਉੱਥੇ ਨਹੀ ਸਿਆਣੇ,
ਜੋ ਆਖ ਬੁਲਾਉਂਦੀਆਂ ਸ਼ੇਰ ਮੀਆਂ।
ਚਰਨ ਛੂਹਣੇ ਮਹਿੰਗੇ ਪੈ ਬਾਬਿਆਂ ਦੇ,
ਸਿੱਟਾ ਨਿਕਲਿਆ ਵੇਖੋ ਕੀ ਫੇਰ ਮੀਆਂ।
ਕਈਆਂ ਨੂੰ ਭੀੜ ਨੇ ਉੱਥੇ ਮਧੋਲ ਦਿੱਤਾ,
ਸੁਣੀ ਕਿਸੇ ਨਾ ਕਿਸੇ ਦੀ ਲੇਰ ਮੀਆਂ।
ਭੋਲਾ, ਬਾਬਾ ਆਪ ਲਾ ਪਤਾ ਹੋਇਆ,
ਛੱਡੀ ਕੁਰਸੀ ਲਾਈ ਨਾ ਦੇਰ ਮੀਆਂ।
ਨਹੀਂ ਬਦਲ ਸਕਦਾ ਕੀਤੇ ਕਰਮ ਕੋਈ,
ਪੈਂਦੇ ਭੁਗਤਣੇ ਜਾਂ ਦੇਰ ਸਵੇਰ ਮੀਆਂ।
ਅੰਧ ਵਿਸ਼ਵਾਸ ਨੇ ਲੋਕਾਂ ਦੀ ਮੱਤ ਮਾਰੀ,
ਕਿਧਰੇ ਮੰਨਿਆ ਰੱਬ ਲਲੇਰ ਮੀਆਂ।
ਨਹੀਂ ਕੁਝ ਮਿਲਣਾ ,ਪੱਤੋ, ਪਾਖੰਡੀਆਂ ਤੋਂ,
ਐਵੇਂ ਪਈਂ ਨਾ ਘੁੰਮਣ ਘੇਰ ਮੀਆਂ।

**ਹਰਪ੍ਰੀਤ ਪੱਤੋ ਪਿੰਡ ਪੱਤੋ ਹੀਰਾ ਸਿੰਘ ਮੋਗਾ**

# ਸਾਹਿਤ ਸਭਾ ਸ਼ੇਰਪੁਰ ਵੱਲੋਂ ' ਨੇੜਿਓਂ ਤੱਕਿਆ ਸੁਖਦੇਵ ਬੜੀ ' ਕਿਤਾਬ ਲੋਕ ਅਰਪਣ 6 ਨੂੰ

ਸ਼ੇਰਪੁਰ , ( ਸੱਤਪਾਲ ਸਿੰਘ ਕਾਲਾਬੂਲਾ ) - ਸਾਹਿਤ ਸਭਾ ਸ਼ੇਰਪੁਰ ਦੀ ਵਿਸ਼ੇਸ਼ ਮੀਟਿੰਗ ਸੁਖਦੇਵ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਹੋਈ । ਜਿਸ ਵਿੱਚ ਅਗਾਂਹ ਵਧੂ ਲੇਖਕ ਨਿਰਮਲ ਸਿੰਘ ਨੋਕਵਾਲ (ਬੜੀ) ਜੋ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ ਲਈ ਦੁੱਖ ਦਾ ਪ੍ਰਗਟਾਵਾ ਕੀਤਾ। ਉਪਰੰਤ ਸਾਥੀ ਸੁਖਦੇਵ ਬੜੀ ਦੇ ਜੀਵਨ ਨਾਲ ਸੰਬੰਧਿਤ ਸੁਖਦੇਵ ਸਿੰਘ ਔਲਖ ਅਤੇ ਡਾਕਟਰ ਸੁਖਜਿੰਦਰ ਰਿਸ਼ੀ ਦੁਆਰਾ ਸੰਪਾਦਿਤ ਪੁਸਤਕ ' ਨੇੜਿਓਂ ਤੱਕਿਆ ਸੁਖਦੇਵ ਬੜੀ ' 6 ਜੁਲਾਈ ( ਸ਼ਨੀਵਾਰ ) ਨੂੰ ਮਹਾਰਾਜਾ ਪੈਲਸ ਕਾਤਰੋਂ ਰੋਡ ਸ਼ੇਰਪੁਰ ਵਿਖੇ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਰਜਿ. ਦੇ ਸਹਿਯੋਗ ਨਾਲ ਲੋਕ ਅਰਪਣ ਕਰਨ ਦਾ ਮਤਾ ਪਾਇਆ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਭਾ ਦੇ ਜਨਰਲ ਸਕੱਤਰ ਡਾ. ਰਣਜੀਤ ਸਿੰਘ ਕਾਲਾਬੂਲਾ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ (ਰਜਿ.) ਕਰਨਗੇ ਅਤੇ ਮੁੱਖ ਮਹਿਮਾਨ ਵਜੋਂ ਡਾਕਟਰ ਭਗਵੰਤ ਸਿੰਘ ਸੰਪਾਦਕ ਇੰਟਰਨੈਸ਼ਨਲ ਜਾਗੋ ਸ਼ਿਰਕਤ ਕਰਨਗੇ। ਪੁਸਤਕ ਜਾਣ ਪਹਿਚਾਣ ਡਾਕਟਰ ਤੇਜਾ ਸਿੰਘ ਤਿਲਕ ਅਤੇ ਪ੍ਰੋਫੈਸਰ ਸੁਰਿੰਦਰ ਪਾਲ ਕੌਰ ਵੱਲੋਂ ਕਰਵਾਈ ਜਾਵੇਗੀ। ਸਮਾਗਮ ਦੌਰਾਨ ਨਾਮਵਰ ਕਿੱਸਾਕਾਰ ਸ਼ੇਰ ਸਿੰਘ ਸ਼ੇਰਪੁਰੀ ਨੂੰ ਸਮਰਪਿਤ ਕਵੀ ਦਰਬਾਰ ਹੋਵੇਗਾ ਜਿਸ ਵਿੱਚ ਹਾਜ਼ਰ




ਕਵੀ ਆਪੋ ਆਪਣੀਆਂ ਰਚਨਾਵਾਂ ਪੇਸ਼ ਕਰਨਗੇ। ਇਸ ਮੀਟਿੰਗ ਦੌਰਾਨ ਸਰਬਾਂਗੀ ਲੇਖਕ ਸੁਖਦੇਵ ਸਿੰਘ ਔਲਖ , ਡਾਕਟਰ ਰਣਜੀਤ ਸਿੰਘ ਕਾਲਾਬੂਲਾ, ਭੋਲਾ ਸਿੰਘ ਟਿੱਬਾ, ਮੁਖਤਿਆਰ ਵੜੈਚ ਅਲਾਲ, ਹਰਜੀਤ ਸਿੰਘ ਕਾਤਿਲ, ਮੇਘਰਾਜ ਜੋਸ਼ੀ , ਕੇਸਰ ਸਿੰਘ ਗਰੇਵਾਲ , ਬਲਦੇਵ ਸਿੰਘ ਘਨੌਰੀ ਖੁਰਦ , ਰਕੇਸ਼ ਪ੍ਰੀਤ ਰਿਸ਼ੀ ਨੇ ਹਾਜ਼ਰੀ ਲਵਾਈ।

# ਏਕਨੂਰ ਸੇਵਾ ਟਰੱਸਟ ਨੇ ਜੈਕਾਰਿਆਂ ਦੀ ਗੂੰਜ ਵਿੱਚ ਭਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ,ਮੰਦਿਰ ਸ਼ਿਵਬਾੜੀ ਦੇ ਕਰਵਾਏ ਦਰਸ਼ਨ

ਅੰਮ੍ਰਿਤਸਰ (ਪਵਿੱਤਰਜੋਤ)- ਰਾਸ਼ਟਰੀ ਨੌਜਵਾਨ ਸੋਸ਼ਲ ਐਂਡ ਸਪੋਰਟਸ ਸੁਸਾਇਟੀ ਦੇ ਧਾਰਮਿਕ ਯੂਨਿਟ ਏਕਨੂਰ ਸੇਵਾ ਟਰੱਸਟ ਵੱਲੋਂ ਮਾਸਿਕ ਬੱਸ ਯਾਤਰਾ ਦੇ ਤਹਿਤ ਭਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਮੰਦਿਰ ਸ਼ਿਵਬਾੜੀ (ਹਿਮਾਚਲ ਪ੍ਰਦੇਸ਼) ਦੇ ਦਰਸ਼ਨ ਕਰਵਾਏ ਗਏ। ਮਾਤਾ ਚਿੰਤਪੁਰਨੀ,ਸ਼ਿਵ ਭੋਲੇਨਾਥ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ....ਦੇ ਜੈਕਾਰਿਆਂ ਦੇ ਵਿੱਚ ਬੱਸ ਯਾਤਰਾ ਨੂੰ ਮਜੀਠਾ ਰੋਡ ਤੋਂ ਛੋਟੀ ਕੰਜਕ ਗੁਡੀਆ ਵੱਲੋਂ ਰਵਾਨਾ ਕੀਤਾ ਗਿਆ। ਯਾਤਰਾ ਦੇ ਦੌਰਾਨ ਧਾਰਮਿਕ ਗਾਇਕ ਨਵਦੀਪ ਸ਼ਰਮਾ, ਪੰਡਿਤ ਮੋਹਿਤ,ਲਵਲੀਨ ਵੜੈਚ,ਜੋਗਿੰਦਰ ਕੁਮਾਰ,ਪਵਨ ਕੁਮਾਰ,ਆਸ਼ਾ ਰਾਣੀ,ਕਨਿਕਾ ਵੱਲੋਂ ਧਾਰਮਿਕ ਭਜਨਾਂ-ਸ਼ਬਦਾਂ ਦਾ ਗੁਣਗਾਨ ਕਰਦੇ ਹੋਏ ਭਗਤਾਂ ਨੂੰ ਨਿਹਾਲ ਕੀਤਾ।

ਸੰਸਥਾ ਦੇ ਪ੍ਰਧਾਨ ਅਰਵਿੰਦਰ ਵੜੈਚ,ਬਲਬੀਰ ਭਸੀਨ,ਜਤਿੰਦਰ ਅਰੋੜਾ, ਡਾ.ਨਰਿੰਦਰ ਚਾਵਲਾ ਨੇ ਕਿਹਾ ਕਿ ਪਿਛਲੇ 13 ਸਾਲਾਂ ਤੋਂ ਭਗਤਾਂ ਨੂੰ ਮਾਸਿਕ ਬੱਸ ਯਾਤਰਾ ਦੇ ਤਹਿਤ ਵੱਖ-ਵੱਖ ਮੰਦਰਾਂ ਗੁਰਦੁਆਰਿਆਂ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕੰਮਾਂ ਵਿੱਚ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਸੰਸਥਾ ਦੇ ਨਾਲ ਚੱਲਣ ਵਾਲੇ ਨੌਜਵਾਨਾਂ ਵੱਲੋਂ ਵੀ ਅਹਿਮ ਯੋਗਦਾਨ ਅਦਾ ਕੀਤਾ ਜਾ ਰਿਹਾ ਹੈ। ਸੰਸਥਾ ਵੱਲੋਂ ਹਰ ਪ੍ਰਕਾਰ ਦੇ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ ਕੇ ਯੋਗਦਾਨ ਦਿੱਤਾ ਜਾ ਰਿਹਾ ਹੈ। ਇਸ ਵੇਲੇ ਸੰਸਥਾ ਵੱਲੋਂ ਜਮੀਨੀ ਪੱਧਰ ਤੋਂ ਪਾਣੀ ਦੇ ਡਿੱਗਦੇ ਮਿਆਰ, ਸੰਭਾਲ ਦੇ ਪ੍ਰਚਾਰ ਦੇ ਨਾਲ ਨਾਲ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਹਰ ਪੱਖੋਂ ਧਿਆਨ ਦਿੱਤਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਰੁੱਖ ਅਤੇ ਕੁੱਖ ਨੂੰ ਅਗਰ ਅੱਜ ਵੀ ਸੰਭਾਲਿਆ ਅਤੇ ਬਚਾਇਆ ਨਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਆਉਣ ਵਾਲੀਆਂ ਪੀੜੀਆਂ ਲਈ ਭਿਆਨਕ




ਨਤੀਜੇ ਦੇਖਣ ਨੂੰ ਮਿਲਣਗੇ। ਪਾਣੀ,ਰੁੱਖਾਂ ਅਤੇ ਭਰੂਣ ਹੱਤਿਆ ਦੀ ਰੋਕਥਾਮ ਲਈ ਉਪਰਾਲੇ ਨਾ ਕੀਤੇ ਗਏ ਤਾਂ ਇਸ ਦੇ ਲਈ ਵੀ ਸਿੱਧੇ ਤੌਰ ਤੇ ਅਸੀਂ ਹੀ ਕਸੂਰਵਾਰ ਹੋਵਾਂਗੇ।

ਅਰਵਿੰਦਰ ਵੜੈਚ ਨੇ ਕਿਹਾ ਕਿ ਸੰਸਥਾ ਵੱਲੋਂ ਸਮਾਜ ਦੀ ਭਲਾਈ ਲਈ ਸਮਰਪਿਤ ਕੰਮ ਹਮੇਸ਼ਾ ਜਾਰੀ ਰੱਖੇ ਜਾਣਗੇ ਅਤੇ ਜੁਲਾਈ ਮਹੀਨੇ ਦੇ ਆਖਰੀ ਐਤਵਾਰ ਨੂੰ ਸੰਗਤਾਂ ਨੂੰ ਧਾਰਮਿਕ ਇਤਿਹਾਸਿਕ ਗੁਰਦੁਆਰਿਆਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਜਾਵੇਗੀ। ਉਨਾਂ ਨੇ ਲੋਕਾਂ ਨੂੰ ਜਾਤ-ਪਾਤ ਤੋਂ ਉੱਪਰ ਉੱਠ ਕੇ ਹਰ ਇੱਕ ਧਰਮ ਦਾ ਸਨਮਾਨ ਕਰਨ ਲਈ ਪ੍ਰੇਰਿਤ ਵੀ ਕੀਤਾ। ਇਸ ਮੌਕੇ ਤੇ ਰਮੇਸ਼ ਚੋਪੜਾ,ਲਲਿਤ ਮੰਗਹੋਤਰਾ, ਪਵਿੱਤਰਜੋਤ ਵੜੈਚ,ਸੰਦੀਪ ਸ਼ਰਮਾ,ਹਰਮਿੰਦਰ ਸਿੰਘ ਉਪਲ,ਸੋਨੂ ਸ਼ਰਮਾ, ਜਤਿੰਦਰ ਅਰੋੜਾ,ਰਜੇਸ਼ ਸਿੰਘ ਜੋੜਾ,ਰਜਿੰਦਰ ਸ਼ਰਮਾ,ਰਾਮ ਸਿੰਘ ਪੰਵਾਰ,ਧੀਰਜ ਮਲਹੋਤਰਾ,ਰੰਜਨ ਸ਼ਰਮਾ, ਜਗਦੀਸ਼ ਕੁਮਾਰ,ਰੇਨੀ ਅਰੋੜਾ,ਸਰੋਜ ਬਾਲਾ, ਆਕਾਸ਼ਮੀਤ,ਰਿੰਪੀ ਕਪੂਰ, ਦਲਜੀਤ ਕੌਰ,ਰਵੀ ਸ਼ੰਕਰ ਪਾਂਡੇ ਜੀ,ਬੋਬੀ,ਵਿਨੇ ਅਰੋੜਾ, ਦਿਵਿਆ,ਅੰਜਲੀ, ਨੀਲਮ,ਬਿੱਟੂ,ਨਵਜੋਤ,ਪ੍ਰੀਤੀ, ਸ਼ੀਲਾ,ਨੀਤੂ,ਜਸਪ੍ਰੀਤ ਵੱਲੋਂ ਵੀ ਆਪਣੀਆਂ ਸੇਵਾਵਾਂ ਭੇਟ ਕੀਤੀਆਂ ਗਈਆਂ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਬੀਬੀ ਸੁਰਿੰਦਰ ਕੌਰ ਨੂੰ ਜਿਤਾਉਣ ਲਈ ਜਲੰਧਰ ਵਾਸੀ ਪੱਬਾਂ ਭਰ ਹੋ ਚੁੱਕੇ ਹਨ: ਰਾਜਾ ਵੜਿੰਗ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)ਜਲੰਧਰ ਵੈਸਟ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਬੀਬੀ ਸੁਰਿੰਦਰ ਕੌਰ ਦੇ ਹੱਕ ਅੱਜ ਮੌਜੂਦਾ ਮੈਂਬਰ ਪਾਰਲੀਮੈਂਟ ਅਤੇ ਕਾਂਗਰਸ ਪਾਰਟੀ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਡੋਰ ਟੂ ਡੋਰ ਪ੍ਰਚਾਰ ਕੀਤਾ ਗਿਆ।

ਉਹਨਾਂ ਕਿਹਾ ਕਿ ਉਹ ਪਹਿਲੋਂ ਹੀ ਜਲੰਧਰ ਵਾਸੀਆਂ ਦੇ ਰਿਣੀ ਹਨ ਜਿਨਾਂ ਨੇ ਕਾਂਗਰਸ ਪਾਰਟੀ ਨੂੰ ਵੱਡਾ ਫਤਵਾ ਦੇ ਕੇ ਸਾਬਕਾ ਮੁੱਖ ਮੰਤਰੀ ਸਰਦਾਰ ਚਰਨਜੀਤ ਸਿੰਘ ਚੰਨੀ ਨੂੰ ਇਥੋਂ ਵੱਡੀ ਲੀਡ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਹੈ। ਉਹਨਾਂ ਅੱਗੇ ਦੱਸਿਆ ਕਿ ਜਲੰਧਰ ਵਿੱਚ ਪਹਿਲਾਂ ਵਾਂਗ ਕਾਂਗਰਸ ਦੀ ਹਨੇਰੀ ਝੁੱਲ ਪਈ ਹੈ ਜਿਸ ਵਿੱਚ ਹੁਣ ਵਿਰੋਧੀ ਪਾਰਟੀਆਂ ਦਾ ਸਫਾਇਆ ਤੈਅ ਹੋ ਚੁੱਕਾ ਹੈ। ਰਾਜਾ ਬੜਿੰਗ ਨੇ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਦੁਕਾਨਦਾਰਾਂ ਅਤੇ ਆਮ ਲੋਕਾਂ ਦੀ ਪਾਰਟੀ ਹੈ ਜਿਸਨੇ ਹਮੇਸ਼ਾ ਹੀ ਉਨਾਂ ਦੇ ਹੱਕਾ ਦੀ ਆਵਾਜ਼ ਬੁਲੰਦ ਕੀਤੀ ਹੈ। ਉਹਨਾਂ ਕਿਹਾ ਕਿ



## ਰਾਜਾ ਵੜਿੰਗ ਨੇ ਡੋਰ ਟੂ ਡੋਰ ਸੁਰਿੰਦਰ ਕੌਰ ਲਈ ਮੰਗੀਆਂ ਵੋਟਾਂ

ਪਾਰਟੀ ਉਮੀਦਵਾਰ ਬੀਬੀ ਸੁਰਿੰਦਰ ਕੌਰ ਮਿਹਨਤੀ ਅਤੇ ਅਗਾਂਹ ਵਧੂ ਉਮੀਦਵਾਰ ਹਨ ਜਿਨਾਂ ਨੂੰ ਆਪਾਂ ਭਾਰੀ ਬਹੁਮਤ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਾ ਹੈ। ਤਾਂ ਜੋ ਉਹ ਜਿੱਤ ਕੇ ਜਲੰਧਰ ਵੈਸਟ ਦੀ ਕਾਇਆ ਕਲਪ ਕਰ ਸਕਣ।ਇਸ ਮੌਕੇ ਕੁਲਦੀਪ ਸਿੰਘ ਵੈਦ ਸਾਬਕਾ ਐਮਐਲਏ, ਕੁਲਦੀਪ ਸਿੰਘ ਕਾਲਾ ਢਿੱਲੋਂ ਜਿਲਾ ਪ੍ਰਧਾਨ ਬਰਨਾਲਾ, ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ, ਮਹੇਸ਼ ਕੁਮਾਰ ਲੋਟਾ ਅਤੇ ਸਮੁੱਚੀ ਟੀਮ ਦੇ ਆਗੂ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਉਹ ਚਟਾਨ ਵਾਂਗ ਖੜੇ ਰਹਿਣਗੇ: ਜਸਪ੍ਰੀਤ ਜੱਸੀ ਖੇੜੀ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਸ਼੍ਰੋਮਣੀ ਅਕਾਲੀ ਦਲ ਵਿੱਚ ਕੁਝ ਦਿਨਾਂ ਤੋਂ ਬਾਗੀ ਸੁਰਾਂ ਦੇਖਣ ਨੂੰ ਮਿਲ ਰਹੀਆਂ ਹਨ ਪ੍ਰੰਤੂ ਬੜੇ ਦੁੱਖ ਦੀ ਗੱਲ ਹੈ ਕਿ ਜਿਨਾਂ ਆਗੂਆਂ ਨੂੰ ਪਾਰਟੀ ਨੇ ਵੱਡੇ ਵੱਡੇ ਅਹੁਦੇ ਅਤੇ ਵਜੀਰੀਆਂ ਦਿੱਤੀਆਂ ਅੱਜ ਉਹ ਆਗੂ ਵੀ ਪਾਰਟੀ ਨੂੰ ਪਿੱਠ ਵਿਖਾ ਰਹੇ ਹਨ। ਇਨਾ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਯੂਥ ਬਿੰਗ ਦੇ ਮੀਤ ਪ੍ਰਧਾਨ ਜਸਪ੍ਰੀਤ ਜੱਸੀ ਖੇੜੀ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਹਨਾਂ ਕਿਹਾ ਕਿ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਹੁਰਾਂ ਨਾਲ ਉਹ ਪਹਿਲਾਂ ਦੀ ਤਰ੍ਹਾਂ ਅੱਜ ਵੀ ਚਟਾਨ ਵਾਂਗ ਖੜੇ ਹਨ।ਕਿਉਂਕਿ ਪਾਰਟੀ ਨੇ ਹਮੇਸ਼ਾ ਹੀ ਸਮੁੱਚੇ ਵਰਕਰਾਂ ਨੂੰ ਸਮੇਂ ਸਮੇਂ ਸਿਰ ਬਣਦਾ ਮਾਣ ਸਨਮਾਨ ਦਿੱਤਾ ਹੈ।ਉਹਨਾਂ ਕਿਹਾ ਕਿ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਨੂੰ ਸੂਬੇ ਵਿੱਚ ਚੰਗਾ ਹੁਲਾਰਾ ਮਿਲਿਆ ਪਰ ਕੁਝ ਲੋਕਾਂ ਵੱਲੋਂ ਪਾਰਟੀ ਵਿੱਚ ਰਹਿ ਕੇ ਪਾਰਟੀ ਵਿਰੁੱਧ ਗਤੀਵਿਧੀਆਂ ਚਲਾਈਆਂ ਗਈਆਂ। ਜਿਨਾਂ ਦਾ ਚਿਹਰਾ ਬੇਨਕਾਬ ਹੋ ਚੁੱਕਾ ਹੈ। ਉਹਨਾਂ ਇਹ ਵੀ ਕਿਹਾ ਹੈ ਕਿ ਮਾੜਾ ਅਤੇ ਚੰਗਾ ਸਮਾਂ ਚਲਦਾ ਰਹਿੰਦਾ ਹੈ ਪਰੰਤੂ ਪਾਰਟੀ ਦੇ ਹੀ ਪਿੱਠ ਚ ਸੁਰਾ ਮਾਰਨਾ ਕਿਸੇ ਬੁਝਦਿਲੀ ਤੋਂ ਘੱਟ ਨਹੀਂ।ਉਹਨਾਂ ਕਿਹਾ ਕਿ ਯੂਥ ਵਿੰਗ ਪਾਰਟੀ ਪ੍ਰਧਾਨ ਨੂੰ ਪੂਰਾ ਭਰੋਸਾ ਦਿਵਾਉਂਦਾ ਹੈ ਕਿ




ਉਹ ਪਹਿਲਾਂ ਦੀ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਪਿੱਠ ਤੇ ਖੜੇ ਰਹਿਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਵਾਂਗ ਮੁੜ ਮਜ਼ਬੂਤੀ ਵੱਲ ਵਧੇਗਾ।

# ਸੁਣੋ ਭੈਣ ! ਅਕਬਰਪੁਰ ਵਿੱਚ ਬਸਪਾ ਜਥੇਬੰਦੀ ਦੀ ਅਣਗਹਿਲੀ ਅਤੇ ਮਿਲੀਭੁਗਤ ਕਾਰਨ ਹਾਰ ਗਈ

ਕਾਨਪੁਰ( ਸੁਨੀਲ ਬਾਜਪਾਈ) ਇੱਥੇ ਲੋਕ ਸਭਾ ਚੋਣਾਂ ਵਿੱਚ ਵੋਟਾਂ ਵਿੱਚ ਗਿਰਾਵਟ ਦੇ ਨਾਲ-ਨਾਲ ਹਾਰ ਲਈ ਕੋਈ ਨਹੀਂ ਸਗੋਂ ਬਸਪਾ ਜ਼ਿੰਮੇਵਾਰ ਹੈ। ਮੰਨਿਆ ਜਾ ਰਿਹਾ ਹੈ ਕਿ ਜੇਕਰ ਜਥੇਬੰਦੀ ਨੇ ਬਸਪਾ ਦੀ ਹਮਾਇਤ ਕੀਤੀ ਹੁੰਦੀ ਤਾਂ ਅਕਬਰਪੁਰ ਲੋਕ ਸਭਾ ਵਿੱਚ ਬਸਪਾ ਨੂੰ ਹੋਣ ਵਾਲੇ ਲਾਭ ਦੇ ਮਾਮਲੇ ਵਿੱਚ ਸਥਿਤੀ ਵੱਖਰੀ ਹੋਣੀ ਸੀ ਪਰ ਅਜਿਹਾ ਕੁਝ ਨਹੀਂ ਹੋਇਆ ਕਿਉਂਕਿ ਜਥੇਬੰਦੀ ਦੇ ਅਹੁਦੇਦਾਰਾਂ ਨੇ ਆਪਣਾ ਉਮੀਦਵਾਰ ਬਣਾਉਣ ਦੀ ਕੋਸ਼ਿਸ਼ ਕਰਨ ਦੀ ਬਜਾਏ ਰਾਜੇਸ਼ ਕੁਮਾਰ ਦਿਵੇਦੀ ਜੀਤਾ ਭਰੇ ਹੱਥੀਂ ਬੈਠੇ।

ਪਾਰਟੀ ਸੂਤਰਾਂ ਦਾ ਦਾਅਵਾ ਹੈ ਕਿ ਇਨ੍ਹਾਂ ਚੋਂ ਕਈ ਬਸਪਾ ਆਗੂ ਅਜਿਹੇ ਅਧਿਕਾਰੀ ਵੀ ਸਨ, ਜੋ ਪੈਸੇ ਲੈ ਕੇ ਵਿਰੋਧੀਆਂ ਦਾ ਸਾਥ ਦਿੰਦੇ ਸਨ। ਇਹੀ ਕਾਰਨ ਹੈ ਕਿ ਬਹੁਜਨ ਸਮਾਜ ਪਾਰਟੀ ਆਪਣੇ ਉਮੀਦਵਾਰ ਰਾਜੇਸ਼ ਕੁਮਾਰ ਦਿਵੇਦੀ ਰਾਹੀਂ ਜਿੱਤਣ ਤੋਂ ਕੋਹਾਂ ਦੂਰ, ਅਕਬਰਪੁਰ ਵਿੱਚ ਦੂਜਾ ਸਥਾਨ ਵੀ ਹਾਸਲ ਨਹੀਂ ਕਰ ਸਕੀ।

ਪਾਰਟੀ ਦੇ ਭਰੋਸੇਯੋਗ ਸੂਤਰਾਂ ਦਾ ਇਹ ਵੀ ਦਾਅਵਾ ਹੈ ਕਿ ਜੇਕਰ ਭੈਣ ਮਾਇਆਵਤੀ ਜੀ ਦੇ ਹੁਕਮਾਂ ਅਤੇ ਹਦਾਇਤਾਂ ਅਨੁਸਾਰ ਬਸਪਾ ਸੰਗਠਨ ਦੇ ਅਹੁਦੇਦਾਰਾਂ ਨੇ ਥੋੜ੍ਹਾ ਜਿਹਾ ਵੀ ਸਹਿਯੋਗ ਦਿੱਤਾ ਹੁੰਦਾ ਤਾਂ ਅਕਬਰਪੁਰ ਵਿੱਚ ਬਹੁਜਨ ਸਮਾਜ ਪਾਰਟੀ ਦੀ ਜਿੱਤ ਯਕੀਨੀ ਹੋਣੀ ਸੀ। ਅਤੇ ਜੇਕਰ ਕਿਸੇ ਕਾਰਨ ਬਸਪਾ ਦੀ ਜਿੱਤ ਨਾ ਹੁੰਦੀ ਤਾਂ ਵੀ ਉਹ ਅਕਬਰਪੁਰ ਵਿੱਚ ਗਠਜੋੜ ਦੇ ਉਮੀਦਵਾਰ ਦੀ ਥਾਂ ਜ਼ਰੂਰ ਲੈ ਸਕਦੀ ਸੀ ਪਰ ਬਸਪਾ ਜਥੇਬੰਦੀ ਦੇ ਅਧਿਕਾਰਤ ਆਗੂਆਂ ਅਤੇ ਵਰਕਰਾਂ ਨੇ ਉਮੀਦਵਾਰ ਦਾ ਸਮਰਥਨ ਨਹੀਂ ਕੀਤਾ। ਨਤੀਜੇ ਵਜੋਂ ਪਾਰਟੀ ਜਿੱਤਣ ਦੀ ਬਜਾਏ ਤੀਜੇ ਨੰਬਰ ਤੇ ਰਹਿਣ ਲਈ ਮਜਬੂਰ ਹੋ ਗਈ, ਜਿਸ ਨੂੰ ਬਸਪਾ ਦੇ ਕੁਝ ਅਧਿਕਾਰੀਆਂ ਵੱਲੋਂ ਆਪਣੇ ਸਵਾਰਥਾਂ ਦੀ ਪੂਰਤੀ ਲਈ ਪਾਰਟੀ ਦੇ ਹਿੱਤਾਂ ਦੀ ਅਣਦੇਖੀ ਕਰਨ ਦਾ ਨਤੀਜਾ ਮੰਨਿਆ ਜਾ ਰਿਹਾ ਹੈ। ਕਿਉਂਕਿ ਬਹੁਜਨ ਸਮਾਜ ਪਾਰਟੀ ਪਹਿਲਾਂ ਹੀ ਅਕਬਰਪੁਰ ਤੋਂ ਲੋਕ ਸਭਾ ਚੋਣਾਂ ਜਿੱਤ ਚੁੱਕੀ ਹੈ। ਇਸੇ ਕਰਕੇ ਇਸ



ਵਾਰ ਵੀ ਅਕਬਰਪੁਰ ਵਿੱਚ ਬਸਪਾ ਦੀ ਜਿੱਤ ਅਸੰਭਵ ਨਹੀਂ ਸੀ। ਮੰਨਿਆ ਜਾ ਰਿਹਾ ਸੀ ਕਿ ਜੇਕਰ ਬਸਪਾ ਸੰਗਠਨ ਨੇ ਪਾਰਟੀ ਦੇ ਹਿੱਤ ਵਿੱਚ ਕੰਮ ਕੀਤਾ ਤਾਂ ਇਸ ਵਾਰ ਵੀ ਅਕਬਰਪੁਰ ਵਿੱਚ ਬਸਪਾ ਨੂੰ ਜਿੱਤਣ ਤੋਂ ਕੋਈ ਤਾਕਤ ਨਹੀਂ ਰੋਕ ਸਕਦੀ।

ਬਸਪਾ ਸੂਤਰਾਂ ਅਨੁਸਾਰ ਇਸ ਦੇ ਕਈ ਕਾਰਨ ਸਨ। ਪਹਿਲਾਂ ਚੋਣ ਮੈਦਾਨ ਵਿੱਚ ਉਤਾਰੇ ਗਏ ਉਮੀਦਵਾਰ ਦੇਵੇਂਦਰ ਸਿੰਘ ਭੋਲੇ ਨਾਲ ਵੱਖ-ਵੱਖ ਕਾਰਨਾਂ ਕਰਕੇ ਭਾਈਚਾਰਿਆਂ ਦੇ ਨਾਲ-ਨਾਲ ਹੋਰ ਜਾਤੀਆਂ ਦੇ ਵੋਟਰਾਂ ਦੀ ਨਰਾਜ਼ਗੀ ਸੀ। ਅਜਿਹਾ ਹੀ ਹਾਲ ਬਸਪਾ ਉਮੀਦਵਾਰ ਰਾਜਾ ਰਾਮਪਾਲ ਦਾ ਵੀ ਆਪਣੇ ਵਿਰੋਧੀ ਪੈਂਤੜੇ ਦਾ ਸੀ। ਉਨ੍ਹਾਂ ਦੇ ਵਿਰੋਧੀ ਲੋਕ ਸਭਾ ਨਾਲ ਸਬੰਧਤ ਰਿਸ਼ਵਤ ਕਾਂਡ ਨੂੰ ਵੀ ਮਿਸਾਲ ਵਜੋਂ ਪੇਸ਼ ਕਰ ਰਹੇ ਸਨ।

ਪਾਰਟੀ ਸੂਤਰਾਂ ਅਤੇ ਸਮਰਥਕਾਂ ਦਾ ਇਹ ਵੀ ਦਾਅਵਾ ਹੈ ਕਿ ਨਵਾਂ ਚਿਹਰਾ ਹੋਣ ਕਾਰਨ ਬਸਪਾ ਉਮੀਦਵਾਰ ਰਾਜੇਸ਼ ਕੁਮਾਰ ਦਿਵੇਦੀ ਜੋ ਕਿ ਇੱਕ ਮਜ਼ਬੂਤ ਸਮਾਜ ਸੇਵੀ ਅਤੇ ਗਊ ਸੇਵਕ ਵਜੋਂ ਵੀ ਜਾਣੇ ਜਾਂਦੇ ਹਨ, ਨੂੰ ਹੋਰਨਾਂ ਉਮੀਦਵਾਰਾਂ ਦੇ ਮੁਕਾਬਲੇ ਬ੍ਰਾਹਮਣਾਂ ਦੇ ਨਾਲ-ਨਾਲ ਹੋਰ ਜਾਤੀਆਂ ਵੱਲੋਂ ਵੀ ਵੱਧ ਵੋਟਾਂ ਮਿਲੀਆਂ ਹਨ ਇਸ ਨੂੰ ਪ੍ਰਾਪਤ ਕਰਨਾ ਉਸ ਸਮੇਂ ਸਪੱਸ਼ਟ ਨਜ਼ਰ ਆ ਰਿਹਾ ਸੀ ਕਿ ਇਹ ਭਾਜਪਾ ਅਤੇ ਗਠਜੋੜ ਦੇ ਉਮੀਦਵਾਰਾਂ ਦੀ ਜਿੱਤ ਦੇ ਰਾਹ ਵਿੱਚ ਅੜਿੱਕਾ ਬਣੇਗਾ ਅਤੇ ਇਹ ਅਕਬਰਪੁਰ ਤੋਂ ਬਸਪਾ ਦੀ ਜਿੱਤ ਦਾ ਸੰਕੇਤ ਵੀ ਦੇ ਰਿਹਾ ਸੀ। ਇੰਨਾ ਹੀ ਨਹੀਂ, ਮਾਇਆਵਤੀ ਦੀ ਇਸ ਜਨਤਕ ਮੀਟਿੰਗ ਨੇ ਪ੍ਰਸਿੱਧ ਸਮਾਜ ਸੇਵਕ ਰਾਜੇਸ਼ ਕੁਮਾਰ ਦਿਵੇਦੀ ਦੀ ਜਿੱਤ ਦੀਆਂ ਸੰਭਾਵਨਾਵਾਂ ਨੂੰ ਵੀ ਮਜ਼ਬੂਤ ਕਰ ਦਿੱਤਾ ਸੀ, ਜੋ ਹਮੇਸ਼ਾ ਦੂਜਿਆਂ ਦੇ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਰਹਿੰਦੇ ਹਨ ਅਤੇ ਜੋ ਸ਼ੁਰੂ ਤੋਂ ਹੀ ਜਨਤਕ ਸਮੱਸਿਆਵਾਂ ਦੇ ਖਿਲਾਫ ਖਾੜਕੂ ਸੰਘਰਸ਼ ਦੀ ਅਗਵਾਈ ਕਰਦੇ ਆ ਰਹੇ ਹਨ ਸੰਗਠਨ ਬਹੁਤ ਸਾਰੇ ਅਹੁਦੇਦਾਰਾਂ ਦੁਆਰਾ ਜਾਣਬੁੱਝ ਕੇ ਦਿਖਾਈ ਨਾ ਦੇਣ ਅਤੇ ਪਾਰਟੀ ਦੇ ਹਿੱਤਾਂ ਦੀ ਅਣਦੇਖੀ ਕਾਰਨ ਅਕਬਰਪੁਰ ਵਿੱਚ ਬਸਪਾ ਦੀ ਵੰਡ ਹੋਈ।

ਜੇਕਰ ਪਾਰਟੀ ਸੂਤਰਾਂ ਦੀ ਮੰਨੀਏ ਤਾਂ ਬਸਪਾ ਦੇ ਕਈ ਨੇਤਾ ਅਤੇ ਅਧਿਕਾਰੀ ਅਜਿਹੇ ਸਨ, ਜਿਨ੍ਹਾਂ ਨੇ ਮੋਟੀ ਰਕਮ ਲੈ ਕੇ ਪਾਰਟੀ ਉਮੀਦਵਾਰ ਦੇ ਖਿਲਾਫ ਵਿਰੋਧੀ ਦਾ ਸਾਥ ਦਿੱਤਾ, ਜਿਸ ਕਾਰਨ ਬਹੁਜਨ ਸਮਾਜ ਪਾਰਟੀ ਨੂੰ ਅਕਬਰਪੁਰ ਚ ਹਾਰ ਦਾ ਸਾਹਮਣਾ ਕਰਨਾ ਪਿਆ।

# ਬੀਬੀ ਮਾਣੂੰਕੇ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ ਸਬੰਧੀ ਅਧਿਕਾਰੀਆਂ ਨੂੰ ਸਖ਼ਤ ਤਾੜਨਾਂ

## ਕਿਹਾ :ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ

ਜਗਰਾਉਂ- (ਲੋਕ ਬਾਣੀ) ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ ਸਬੰਧੀ ਐਸ.ਡੀ.ਐਮ.ਗੁਰਬੀਰ ਸਿੰਘ ਕੋਹਲੀ ਦੇ ਨਾਲ ਅਧਿਕਾਰੀਆਂ ਦੀ ਮੀਟਿੰਗ ਕੀਤੀ ਗਈ ਅਤੇ ਮੀਟਿੰਗ ਵਿੱਚ ਦੇਰੀ ਨਾਲ ਪਹੁੰਚਣ ਵਾਲੇ ਲਾ-ਪ੍ਰਵਾਹ ਅਧਿਕਾਰੀਆਂ ਦੀ ਕਲਾਸ ਵੀ ਲਗਾਈ ਗਈ। ਇਸ ਮੌਕੇ ਵਿਧਾਇਕਾ ਮਾਣੂੰਕੇ ਨੇ ਆਖਿਆ ਕਿ ਵਿਕਾਸ ਕਾਰਜਾਂ ਵਿੱਚ ਦੇਰੀ ਕਰਨ ਵਾਲੇ ਅਤੇ ਡਿਊਟੀ ਉਪਰ ਦੇਰੀ ਨਾਲ ਆਉਣ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਦੌਰਾਨ ਉਹਨਾ ਪੀ.ਡਬਲਿਯੂ.ਡੀ. ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦੇ ਹੋਏ ਆਖਿਆਂ ਕਿ ਰਾਏਕੋਟ ਰੋਡ ਉਪਰ ਨਵੇਂ ਬਣੇ ਲਾਲਾ ਲਾਜਪਤ ਰਾਏ ਭਵਨ ਦੇ ਨਿਰਮਾਣ ਦਾ ਕੰਮ ਮੁਕੰਮਲ ਕਰਕੇ ਨਗਰ ਕੌਂਸਲ ਨੂੰ ਸੌਂਪਿਆ ਜਾਵੇ ਅਤੇ ਲੋਕਾਂ ਦੀ ਸਹੂਲਤ ਲਈ ਖੋਲਿਆ ਜਾਵੇ। ਉਹਨਾਂ ਪੁੱਛਿਆ ਕਿ ਅਖਾੜਾ ਨਹਿਰ ਉਪਰ ਨਿਰਮਾਣ ਅਧੀਨ ਨਹਿਰ ਦਾ ਪੁੱਲ ਕਦੋਂ ਤਿਆਰ ਹੋ ਜਾਵੇਗਾ, ਤਾਂ ਅਧਿਕਾਰੀਆਂ ਨੇ ਵਿਸ਼ਵਾਸ਼ ਦਿਵਾਇਆ ਕਿ ਇਸੇ ਸਾਲ ਨਵੰਬਰ ਮਹੀਨੇ ਵਿੱਚ ਇਸ ਪੁੱਲ ਬਣਕੇ ਤਿਆਰ ਹੋ ਜਾਵੇਗਾ ਤੇ ਲੋਕਾਂ ਲਈ ਚਾਲੂ ਕਰ ਦਿੱਤਾ ਜਾਵੇਗਾ। ਬੀਬੀ ਮਾਣੂੰਕੇ ਨੇ ਸਿਵਲ ਹਸਪਤਾਲ ਅਤੇ ਜੱਚਾ-ਬੱਚਾ ਹਸਪਤਾਲ ਵਿੱਚ ਮਰੀਜ਼ਾਂ ਪ੍ਰਤੀ ਲਾ-ਪ੍ਰਵਾਹੀ ਕਰਨ ਵਾਲੇ ਡਾਕਟਰਾਂ ਨੂੰ ਸਖਤ ਤਾੜਨਾਂ ਕਰਦੇ ਹੋਏ ਕਿਹਾ ਕਿ ਅਣ-ਗਹਿਲੀ ਕਿਸੇ ਵੀ ਕੀਮਤ ਉਪਰ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਡਿਊਟੀ ਦੌਰਾਨ ਡਾਕਟਰਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ। ਬੀਬੀ ਮਾਣੂੰਕੇ ਨੇ ਕਚਹਿਰੀਆਂ ਵਿੱਚ ਅਸ਼ਟਾਮਾਂ ਅਤੇ ਐਨ.ਓ.ਸੀ. ਦੇ ਨਾਮ ਉਪਰ ਲੋਕਾਂ ਦੀ ਲੁੱਟ ਕਰਨ ਵਾਲਿਆਂ ਵਿਰੁੱਧ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਉਹਨਾਂ ਨਗਰ ਕੌਂਸਲ ਜਗਰਾਉਂ ਦੇ ਦਫਤਰ ਵਿੱਚ ਲੋਕਾਂ ਦੀ ਸਹੂਲਤ ਲਈ ਚੱਲ ਰਹੇ ਬਿਜਲੀ ਵਿਭਾਗ ਦੇ ਨੋਡਲ ਕੰਪਲੇਂਟ ਸੈਂਟਰ ਦੀ ਖਸ਼ਤਾ ਹਾਲਤ ਬਿਲਡਿੰਗ ਦਾ ਮਾਮਲਾ ਵੀ ਚੁੱਕਿਆ, ਤਾਂ ਨਗਰ ਕੌਂਸਲ ਦੇ ਈ.ਓ.ਸੁਖਦੇਵ ਸਿੰਘ ਰੰਧਾਵਾ ਨੇ ਇਸ ਮਾਮਲਾ ਬਿਜਲੀ ਵਿਭਾਗ ਦੇ ਅਧਿਕਾਰੀਆਂ ਨਾਲ ਮਿਲਕੇ ਹੱਲ ਕਰਨ ਦਾ ਭਰੋਸਾ ਦਿਵਾਇਆ। ਉਹਨਾਂ ਨਗਰ ਕੌਂਸਲ ਨੂੰ ਇਹ ਵੀ ਹਦਾਇਤਾਂ ਕੀਤੀਆਂ ਕਿ ਜਗਰਾਉਂ ਦੇ ਡਿਸਪੋਜ਼ਲ ਰੋਡ ਉਪਰ ਪਏ ਗੰਦਗੀ ਦੇ ਢੇਹ ਹਟਾਏ ਜਾਣ ਅਤੇ ਨਵੀਂ ਮਸ਼ੀਨ ਨਾਲ ਸ਼ਹਿਰ ਦੀਆਂ ਸੜਕਾਂ ਦੀ ਸਫ਼ਾਈ ਕਰਵਾਈ ਜਾਵੇ ਅਤੇ ਨਵੀਂ ਜੈਟਿੰਗ ਮਸ਼ੀਨ ਨਾਲ ਸੀਵਰੇਜ ਦੀਆਂ ਪਾਈਪਾਂ ਸਾਫ਼ ਕੀਤੀਆਂ ਜਾਣ। ਇਸ ਤੋਂ ਬਿਨਾਂ ਸਾਰੇ ਸਰਕਾਰੀ ਦਫਤਰਾਂ ਦੀਆਂ ਛੱਤਾਂ ਦੀ ਸਫਾ□ਈ ਕਰਵਾਈ ਜਾਵੇ ਅਤੇ ਕੀੜੇਮਾਰ ਦਵਾਈਆਂ ਦਾ ਛਿੜਕਾ ਕਰਵਾਇਆ ਜਾਵੇ। ਜਗਰਾਉਂ ਸ਼ਹਿਰ ਦੀ ਪ੍ਰਮੁੱਖ ਸਮੱਸਿਆ ਕਮਲ ਚੌਂਕ ਤੇ ਪੁਰਾਣੀ ਦਾਣਾ ਮੰਡੀ ਵਿੱਚ ਖੜਦੇ ਬਰਸਾਤੀ ਪਾਣੀ ਦੇ ਹੱਲ ਲਈ ਬੀਬੀ ਮਾਣੂੰਕੇ ਨੇ ਅਧਿਕਾਰੀਆਂ ਨੂੰ ਤੇਜ਼ੀ ਲਿਆਉਣ ਦੇ ਹੁਕਮ ਦਿੱਤੇ, ਤਾਂ ਅਧਿਕਾਰੀਆਂ ਨੇ ਦੱਸਿਆ ਕਿ ਬਰਸਾਤੀ ਪਾਣੀ ਦੀ ਨਿਕਾਸੀ ਲਈ 10 ਕਰੋੜ 64 ਲੱਖ ਰੁਪਏ ਦਾ ਪ੍ਰੋਜੈਕਟਰ ਮੰਨਜੂਰ ਹੋਕੇ ਵਿੱਤ ਵਿਭਾਗ ਕੋਲ ਗਿਆ ਹੋਇਆ ਹੈ ਅਤੇ ਫੰਡ ਜਾਰੀ ਹੋਣ ਉਪਰੰਤ ਤੁਰੰਤ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਬੀਬੀ ਮਾਣੂੰਕੇ ਨੇ ਚਿੱਟੇ ਦੇ ਖਾਤਮੇ ਲਈ ਪੁਲਿਸ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੇ ਹੁਕਮ ਦਿੱਤੇ ਅਤੇ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਨਗਰ ਕੌਂਸਲ ਅਧਿਕਾਰੀਆਂ ਨਾਲ ਮਿਲਕੇ ਨੂੰ ਹੱਲ ਕਰਨ ਲਈ ਕਿਹਾ। ਉਹਨਾਂ ਰੋਡਵੇਜ਼ ਡਿਪੂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਲਕੇ ਦੇ 16 ਪਿੰਡਾਂ ਅੰਦਰ ਬੱਸ ਸਰਵਿਸ ਨਹੀਂ ਹੈ। ਇਸ ਲਈ ਰਿਪੋਰਟ ਤਿਆਰ ਕੀਤੀ ਜਾਵੇ ਤੇ ਉਚ ਅਧਿਕਾਰੀਆਂ ਤੋਂ ਮੰਨਜੂਰੀ ਲੈਕੇ ਬੱਸਾਂ ਚਾਲੂ ਕੀਤੀਆਂ ਜਾਣ। ਉਹਨਾਂ ਕਿਹਾ ਕਿ ਬੱਸ ਅੱਡੇ ਤੋਂ ਬਾਹਰ ਖੜਦੀਆਂ ਬੱਸਾਂ ਨੂੰ ਬੱਸ ਅੱਡੇ ਦੇ ਅੰਦਰ ਲਿਜਾਣਾ ਯਕੀਨੀ ਬਣਾਇਆ ਜਾਵੇ ਅਤੇ ਅਣਗਹਿਲੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਮੀਟਿੰਗ ਵਿੱਚ ਬੀਬੀ ਮਾਣੂੰਕੇ ਵੱਲੋਂ ਹਲਕੇ ਅੰਦਰ ਹੋਰ ਮੁਹੱਲਾ ਕਲੀਨਿਕ ਤੇ ਸੁਵਿਧਾ ਸੈਂਟਰ ਖੋਲਣ ਲਈ ਯਤਨ ਤੇਜ਼ ਕਰਨ ਲਈ ਵੀ ਕਿਹਾ। ਉਹਨਾਂ ਅਧਿਕਾਰੀਆਂ ਨੂੰ ਕਿਹਾ ਜਗਰਾਉਂ ਸ਼ਹਿਰ ਵਿੱਚ ਪੱਤਰਕਾਰਾਂ ਲਈ ਪ੍ਰੈਸ ਕਲੱਬ ਬਣਾਇਆ ਜਾਵੇ, ਜਿੱਥੇ ਪੀਣ ਵਾਲੇ ਪਾਣੀ ਲਈ ਲਗਾਏ ਆਰ.ਓ.ਸਿਸਟਮ ਖਰਾਬ ਹਨ, ਠੀਕ ਕਰਵਾਏ ਜਾਣ, ਪਿੰਡ ਅਖਾੜਾ ਵਿੱਚ ਨਾਲੇ ਦਾ ਪ੍ਰਬੰਧ ਕੀਤਾ ਜਾਵੇ, ਨਹਿਰੀ ਪਾਣੀ ਨੂੰ ਟੇਲਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ ਅਤੇ ਸਤਲੁਜ ਦਰਿਆ ਉਪਰ ਵਾਰ ਵਾਰ ਟੁੱਟਦੇ ਬੰਨ ਦਾ ਪੱਕਾ ਹੱਲ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਯੋਤ ਸਿੰਘ ਡੀ.ਐਸ.ਪੀ.ਜਗਰਾਉਂ, ਤਹਿਸੀਲਦਾਰ ਚਰਨਜੀਤ ਸਿੰਘ ਚੰਨੀ, ਡਾ.ਵਰੁਨ ਸਾਗਰ, ਸੁਖਦੇਵ ਸਿੰਘ ਰੰਧਾਵਾ ਈ.ਓ.ਜਗਰਾਉਂ, ਮਨਜੀਤ ਸਿੰਘ ਐਸ.ਡੀ.ਓ.ਰੂਮੀ, ਪਰਮਜੀਤ ਸਿੰਘ ਚੀਮਾਂ, ਬਲਵਿੰਦਰ ਸਿੰਘ ਐਸ.ਡੀ.ਓ.ਪੰਚਾਇਤੀ ਰਾਜ, ਕਰਮਜੀਤ ਸਿੰਘ ਜੇਈ, ਜੁਗਰਾਜ ਸਿੰਘ ਜੀ.ਐਮ.ਰੋਡਵੇਜ਼, ਗੌਰਵ ਸੋਨੀ, ਗੁਰਦੀਪ ਸਿੰਘ ਖੇਤੀਬਾੜੀ ਅਫ਼ਸਰ, ਜਸਵਿੰਦਰ ਸਿੰਘ ਡੀ.ਐਸ.ਐਫ.ਓ., ਮੁਹਿੰਦਰ ਕੌਰ ਸੀ.ਡੀ.ਪੀ.ਓ., ਸੁਖਦੇਵ ਸਿੰਘ ਸ਼ੇਰਪੁਰੀ ਰੀਡਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਲਕੇ ਦੇ ਅਧਿਕਾਰੀ ਹਾਜ਼ਰ




# ਰੋਟਰੀ ਕਲੱਬ ਵੱਲੋਂ ਅਨਪੂਰਨਾ ਦਿਵਸ ਮਨਾਉਂਦਿਆਂ ਲਗਾਇਆ ਲੰਗਰ।




ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਰੋਟਰੀ ਕਲੱਬ ਸ਼੍ਰੀ ਅਨੰਦਪੁਰ ਸਾਹਿਬ ਵੱਲੋਂ ਅਨ ਪੂਰਨਾ ਦਿਵਸ ਮਨਾਉਂਦਿਆਂ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਮਲਟੀਸਪੈਸ਼ਲਿਟੀ ਹਸਪਤਾਲ ਵਿਖੇ ਲੰਗਰ ਲਗਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਆਸ ਪਾਸ ਦੇ ਝੁੱਗੀ ਝੌਪੜੀਆਂ ਵਿੱਚ ਰਹਿਣ ਵਾਲਿਆ ਨੂੰ ਬੁਲਾਇਆ ਗਿਆ ਸੀ ਜਿਨ੍ਹਾਂ ਨਾਲ ਰਲ ਕੇ ਕਲੱਬ ਮੈਂਬਰਾਂ ਨੇ ਲੰਗਰ ਛਕਿਆ। ਕਲੱਬ ਦੇ ਨਵੇਂ ਬਣੇ ਪ੍ਰਧਾਨ ਡਾਕਟਰ ਗੁਰਪਾਲ ਢਿੱਲੋਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰੋਟਰੀ ਕਲੱਬ ਵੱਲੋਂ ਵਿਸ਼ੇਸ਼ ਤੌਰ ਤੇ ਝੁੱਗੀ ਝੌਪੜੀ ਵਾਲੇ ਮਿਹਨਤੀ ਦਿਹਾੜੀਦਾਰ ਗਰੀਬ ਤਬਕੇ ਦੇ ਲੋਕਾਂ ਨੂੰ ਅੱਜ ਲੰਗਰ ਛਕਣ ਲਈ ਸੱਦਾ ਦਿੱਤਾ ਗਿਆ ਸੀ ਉਹਨਾਂ ਕਿਹਾ ਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਰੋਟਰੀ ਕਲੱਬ ਨੇ ਹਮੇਸ਼ਾ ਹੀ ਸਭ ਤੋਂ ਅੱਗੇ ਹੋ ਕੇ ਆਪਣਾ ਯੋਗਦਾਨ ਪਾਇਆ ਹੈ ਅਤੇ ਅੱਗੋਂ ਵੀ ਇਸੇ ਤਰ੍ਹਾਂ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਲੈਂਦਾ ਰਹੇਗਾ। ਪ੍ਰਧਾਨ ਗੁਰਪਾਲ ਨੇ ਕਿਹਾ ਕਿ ਆਉਂਦੇ ਕੁਝ ਦਿਨਾਂ ਵਿੱਚ ਕਲੱਬ ਵੱਲੋਂ ਵਾਤਾਵਰਨ ਦੀ ਸ਼ੁੱਧਤਾ ਲਈ ਵੱਖ ਵੱਖ ਥਾਵਾਂ ਤੇ ਸੈਂਕੜੇ ਬੂਟੇ ਲਗਾਏ ਜਾਣਗੇ ਅਤੇ ਉਹਨਾਂ ਦੀ ਸਾਂਭ ਸੰਭਾਲ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਸਾਬਕਾ ਪ੍ਰਧਾਨ ਡਾਕਟਰ ਪੀਜੇਐਸ ਕੰਗ,ਸਾਬਕਾ ਪ੍ਰਧਾਨ ਡਾਕਟਰ ਰਣਬੀਰ ਸਿੰਘ ਬੈਂਸ,ਸੀਏ ਗੁਰਜਿੰਦਰ ਸਿੰਘ,ਸੁਖਵਿੰਦਰ ਪਾਲ ਸਿੰਘ ਸੁੱਖੂ , ਡਾਕਟਰ ਜਗਰੂਪ, ਦਵਿੰਦਰ ਸਿੰਘ ਰਾਣਾ , ਗੁਰਚਰਨ ਸਿੰਘ ਘਟੀਵਾਲ, ਡਾਕਟਰ ਰਜਿੰਦਰ ਸਿੰਘ ਸੈਣੀ, ਡਾਕਟਰ ਹਰਵਿੰਦਰ ਕੌਰ, ਡਾਕਟਰ ਹਰਜੀਤ ਕੌਰ,ਸੁਦਰਸ਼ਨ ਗਾਂਧੀ,ਨੇਤਾਸ਼ਾ ਬੇਦੀ, ਮੀਨਾਕਸ਼ੀ, ਤਨੂ ਪ੍ਰੀਆ ਤੋ ਇਲਾਵਾ ਕਲੱਬ ਮੈਂਬਰ ਹਾਜ਼ਰ ਸਨ।

# ਕੀ ਗੁਰਲੀਨ ਨੂੰ ਪਤਾ ਲੱਗ ਗਿਆ ਹੈ ਵਿਕਰਮ ਦੇ ਅਪਰਾਧ ਬਾਰੇ ?




(ਲੋਕ ਬਾਣੀ) ਅਸੀਂ ਪਿਛਲੇ ਐਪੀਸੋਡ ਵਿਚ ਦੇਖਿਆ ਸੀ ਕਿ ਗੁੰਡੇ ਵੀਰਾ ਦੇ ਮੁੱਕਾ ਮਾਰਦਾ ਹੈ; ਵੀਰਾ ਗੁੰਡਿਆਂ ਨਾਲ ਲੜਦੀ ਹੈ ਜਿਨ੍ਹਾਂ ਨੇ ਮਨੁੱਖੀ ਤਸਕਰੀ ਕੇਸ ਦੇ ਇੱਕ ਗਵਾਹ ਦਾ ਕਤਲ ਕੀਤਾ ਸੀ। ਸਹਿਜ ਨੂੰ ਪਤਾ ਲੱਗ ਗਿਆ ਹੈ ਕਿ ਰੀਆ ਹੀ ਰਾਜਨਾਥ ਦੀਆਂ ਦਵਾਈਆਂ ਬਦਲ ਰਹੀ ਹੈ ਪਰ ਉਹ ਸਭ ਦੇ ਸਾਹਮਣੇ ਉਸ ਉੱਤੇ ਹੀ ਦੋਸ਼ ਲਗਾ ਦਿੰਦੀ ਹੈ। ਜਦੋਂ ਕਲਿਆਣੀ ਰੀਆ ਬਾਰੇ ਸਭ ਕੁਝ ਜਾਣਦੀ ਹੈ, ਤਾਂ ਉਹ ਉਸ ਨੂੰ ਥੱਪੜ ਮਾਰਨ ਵਾਲੀ ਹੁੰਦੀ ਹੈ, ਪਰ ਸਹਿਜ ਉਸ ਨੂੰ ਰੋਕ ਦਿੰਦੀ ਹੈ। ਗੁਰਲੀਨ ਨੂੰ ਪਤਾ ਲੱਗਾ ਕਿ ਵਿਕਰਮ ਅਪਰਾਧਿਕ ਜਾਂਚ ਅਧੀਨ ਹੈ। ਮੇਹਰ ਤੇ ਗੁਰਲੀਨ ਨੇ ਕਲਿਆਣੀ ਦਾ ਕੀਤਾ ਨਿਰਾਦਰ; ਉਹ ਉਨ੍ਹਾਂ ਨੂੰ ਇੱਥੇ ਆਉਣ ਜਾਂ ਕਦੇ ਨਾ ਆਉਣ ਲਈ ਕਹਿੰਦੀ ਹੈ। ਕਲਿਆਣੀ, ਸਹਿਜ ਅਤੇ ਕਬੀਰ ਦਾ ਵਿਆਹ ਕਰਵਾਉਣ ਲਈ ਅੜੀ ਹੋਈ ਹੈ, ਇਸ ਲਈ ਉਹ ਆਪਣੀ ਮਹਿੰਦੀ ਦੀ ਰਸਮ ਕਰਾਉਂਦੀ ਹੈ। ਵੀਰਾ ਦੀ ਸੱਚਾਈ ਸਭ ਦੇ ਸਾਹਮਣੇ ਆਵੇਗੀ ਜਾਂ ਨਹੀਂ ? ਵਿਕਰਮ ਕ੍ਰਿਮੀਨਲ ਸਾਬਿਤ ਹੋਵੇਗਾ ਜਾਂ ਨਹੀਂ ? ਇੱਕ ਦਿਲਚਸਪ ਸਹਿਜਵੀਰ ਐਪੀਸੋਡ ਦੇਖੋ ਸੋਮ ਤੋਂ ਸ਼ਨੀ ਰਾਤ 8:30 ਵਜੇ ਸਿਰਫ ਜ਼ੀ ਪੰਜਾਬੀ ਤੇ।

# ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਪੁਲਿਸ ਭਰਤੀ ਪ੍ਰੀਖਿਆ ਲਈ ਤੀਸਰੀ ਮੁਫਤ ਕੋਚਿੰਗ ਕਲਾਸ ਦੀ

## ਇਲਾਕੇ ਦੇ ਬੇਰੁਜ਼ਗਾਰ ਨੌਜਵਾਨਾਂ ਲਈ ਵਰਦਾਨ ਬਣ ਰਿਹੈ ਗੁਰੂ ਨਾਨਕ ਮਿਸ਼ਨ ਨਿਸ਼ਕਾਮ ਕੋਚਿੰਗ ਸੈਂਟਰ: ਪ੍ਰਿੰਸੀਪਲ ਦਲਜੀਤ ਸਿੰਘ ਬੋਲਾ

ਸ਼ਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ ਮਨਪ੍ਰੀਤ ਵਾਸੂ)ਜੁਲਾਈ ਅਤੇ ਅਗੱਸਤ ਮਹੀਨੇ ਵਿਚ ਹੋ ਰਹੀ ਪੁਲਸ ਭਰਤੀ ਪ੍ਰੀਖਿਆ ਲਈ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵਲੋਂ ਸਥਾਨਕ ਖਾਲਸਾ ਸਕੂਲ ਵਿਚ ਚਲਾਏ ਜਾ ਰਹੇ ਗੁਰੂ ਨਾਨਕ ਮਿਸ਼ਨ ਕੋਚਿੰਗ ਸੈਂਟਰ ਵਿਖੇ ਨੌਜਵਾਨਾਂ ਨੂੰ ਪ੍ਰੀਖਿਆ ਸੰਬੰਧੀ ਫਰੀ ਸਿਖਲਾਈ ਉਪਲੱਬਧ ਕਰਵਾਉਣ ਲਈ ਤੀਸਰੇ ਬੈਚ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦਲਜੀਤ ਸਿੰਘ ਬੋਲਾ ਪ੍ਰਿੰਸੀਪਲ ਖਾਲਸਾ ਸੀ: ਸ: ਸ: ਨਵਾਂਸ਼ਹਿਰ ਨੇ ਕਿਹਾ ਕਿ ਇਲਾਕੇ ਦੇ ਬੱਚੇ ਬਹੁਤ ਖੁਸ਼ਕਿਸਮਤ ਹਨ ਜਿਨਾਂ ਨੂੰ ਨਿਸ਼ਕਾਮ ਸਿਖਲਾਈ ਦੇਣ ਲਈ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਇਹ ਬਹੁਤ ਵੱਡਾ ਉਪਰਾਲਾ ਅਰੰਭ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜਿਨਾ ਮਰਜੀ ਹੁਸ਼ਿਆਰ ਹੋਵੇ ਮਗਰ ਬਿਨਾਂ ਤਿਆਰੀ ਦੇ ਕੰਪੀਟੀਸ਼ਨ ਵਿਚ ਬੈਠਣਾ ਬਹੁਤ ਮੁਸ਼ਕਿਲ ਕੰਮ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਉਪਲੱਬਧ ਕਰਵਾਈ ਗਈ ਇਹ ਕੋਚਿੰਗ ਬੱਚਿਆਂ ਲਈ ਰੁਜ਼ਗਾਰ ਪ੍ਰਾਪਤੀ ਲਈ ਵਰਦਾਨ ਬਣ ਸਕਦੀ ਹੈ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸੁਰਜੀਤ ਸਿੰਘ ਨੇ ਕਿਹਾ ਕਿ ਅੱਜ ਪੰਜਾਬੀ ਬੱਚੇ ਕਾਫੀ ਹੋਣਹਾਰ ਹਨ ਮਗਰ ਸਮੇਂ ਸਿਰ ਪ੍ਰੀਖਿਆ ਦੇ ਤੌਰ ਤਰੀਕਿਆਂ ਦੀ ਸਹੀ ਜਾਣਕਾਰੀ ਨਾ ਹੋਣ ਕਾਰਨ ਉਹ ਪ੍ਰੀਖਿਆ ਵਿਚ ਸਫਲ ਨਹੀਂ ਹੋ ਪਾਉਂਦੇ। ਇਸ ਲਈ ਉਨ੍ਹਾਂ ਦਾ ਮਨੋਬਲ ਪੱਧਰ ਉੱਚਾ ਚੁੱਕਣ ਲਈ ਕੋਚਿੰਗ ਅਤੇ ਪ੍ਰੀਖਿਆ ਦੇ ਪੈਟਰਨ ਬਾਰੇ ਜਾਣਕਾਰੀ ਬਹੁਤ ਜਰੂਰੀ ਹੈ। ਉਨਾਂ ਕਿਹਾ ਕਿ ਅਲੱਗ ਅਲੱਗ ਪਿੰਡਾਂ ਤੋਂ ਆਏ ਸਿਖਿਆਰਥੀ ਜਿੱਥੇ ਇਸ ਪ੍ਰੀਖਿਆ ਦੀ ਤਿਆਰੀ ਲਈ ਸਿਲੇਬਸ ਅਨੁਸਾਰ ਵਿਦਿਅਕ ਸਿਖਿਆ ਪ੍ਰਾਪਤ ਕਰਨਗੇ ਉੱਥੇ ਪ੍ਰੀਖਿਆ ਦੇ ਤੌਰ ਤਰੀਕਿਆਂ ਬਾਰੇ ਜਾਣਕਾਰੀ ਹਾਸਲ ਕਰਕੇ ਉਨ੍ਹਾਂ ਦਾ ਮਨੋਬਲ ਵਧੇਗਾ।ਇਹ ਜਾਣਕਾਰੀ ਸਾਂਝੀ ਕਰਦੇ ਹੋਏ ਕੋਚਿੰਗ ਦੇ ਪ੍ਰੋਜੈਕਟ ਇੰਚਾਰਜ ਦੀਦਾਰ ਸਿੰਘ ਗਹੂੰਣ ਸੇਵਾਮੁਕਤ ਡੀ ਐੱਸ ਪੀ ਨੇ ਦੱਸਿਆ ਕਿ ਭਾਵੇਂ ਇਸ ਬੈਚ ਪਾਸ ਕੋਚਿੰਗ ਪ੍ਰਾਪਤ ਕਰਨ ਲਈ ਸਮਾਂ ਘੱਟ ਰਹੇਗਾ ਫਿਰ ਵੀ ਜਨਰਲ ਨਾਲਜ, ਕਰੰਟ ਅਫੇਅਰ ਅਤੇ ਹੋਰ ਵਿਸ਼ਿਆਂ ਬਾਰੇ ਪ੍ਰਾਪਤ ਕੀਤੀ ਜਾਣ ਵਾਲੀ ਸਿਖਲਾਈ ਸੋਨੇ ਤੇ ਸੁਹਾਗੇ ਦਾ ਕੰਮ ਕਰ ਸਕਦੀ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵਲੋਂ ਨੌਜਵਾਨ ਬੱਚਿਆਂ ਨੂੰ ਰੁਜ਼ਗਾਰ




ਪ੍ਰਾਪਤ ਕਰਾਉਣ ਦੇ ਨਾਲ-ਨਾਲ ਉਨਾਂ ਦੇ ਭਵਿੱਖ ਨੂੰ ਸੰਵਾਰਨ ਲਈ ਆਉਣ ਵਾਲੇ ਸਮੇਂ ਦੌਰਾਨ ਹੋਰ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ । ਉਨਾਂ ਦੱਸਿਆ ਕਿ ਇਸ ਕੋਚਿੰਗ ਬੈਚ ਵਿਚ 36 ਸਿਖਿਆਰਥੀ ਅਤੇ ਤਜਰਬੇਕਾਰ ਅਧਿਆਪਕਾਂ ਵਿਚ ਰਣਵੀਰ ਸਿੰਘ ਰਾਏ, ਨਵਨੀਤ ਸ਼ਰਮਾ, ਮੈਡਮ ਅੰਨੂ, ਹਰਮਿੰਦਰ ਸਿੰਘ, ਸਿਮਰਨਪ੍ਰੀਤ ਸਿੰਘ, ਅੰਕੁਸ਼ ਨਿਝਾਵਨ, ਮੈਡਮ ਸੰਦੀਪ ਕੌਰ ਅਤੇ ਅਨਿਲ ਰਾਣਾ ਵੀ ਸ਼ਾਮਲ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲਾਸ ਇੰਚਾਰਜ ਪਰਮਿੰਦਰ ਸਿੰਘ, ਜਗਦੀਪ ਸਿੰਘ, ਗੁਰਜੀਤ ਸਿੰਘ ਅਤੇ ਜਗਜੀਤ ਸਿੰਘ ਵੀ ਮੌਜੂਦ ਸਨ।

# ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਦੇ ਖਿਲਾਫ ਜਲੰਧਰ ਵਿੱਚ 7 ਜੁਲਾਈ ਨੂੰ ਪ੍ਰਦਰਸ਼ਨ ਕਰਨਗੇ ਸਰਕਾਰੀ ਮੁਲਾਜ਼ਮ

ਅੰਮ੍ਰਿਤਸਰ (ਅਰਵਿੰਦਰ ਵੜੈਚ)- ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਸਿਹਤ ਮੰਤਰੀ ਵੱਲੋਂ ਲਗਾਤਾਰ ਨਜ਼ਰ ਅੰਦਾਜ਼ ਕਰਨ ਅਤੇ ਜਥੇਬੰਦੀ ਪ੍ਰਤੀ ਬੇਰੁਖ਼ੀ ਦਾ ਵਤੀਰਾ ਧਾਰਨ ਕਰਨ ਖਿਲਾਫ ਸੰਘਰਸ਼ ਦਾ ਬਿਗਲ ਵਜਾਉਂਦਿਆਂ 7 ਜੁਲਾਈ ਨੂੰ ਜਲੰਧਰ ਦੀ ਜ਼ਿਮਨੀ ਚੋਣ ਵਿੱਚ ਬੈਠੀ ਸਰਕਾਰ ਖ਼ਿਲਾਫ਼ ਇੱਕ ਜ਼ਬਰਦਸਤ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ ਅਤੇ ਇਸ ਰੋਸ ਪ੍ਰਦਰਸ਼ਨ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਫਾਰਮੇਸੀ ਅਫਸਰਾਂ ਦੀ ਭਰਵੀਂ ਸ਼ਮੂਲੀਅਤ ਦਾ ਫੈਸਲਾ ਕੀਤਾ ਹੈ।ਇਸ ਸਬੰਧੀ ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ ਜ਼ਿਲ੍ਹਾ ਅੰਮ੍ਰਿਤਸਰ ਦੀ ਇੱਕ ਹੰਗਾਮੀ ਮੀਟਿੰਗ ਪ੍ਰਧਾਨ ਅਸ਼ੋਕ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਵਿਖੇ ਹੋਈ,ਜਿਸ ਵਿੱਚ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਪਲਵਿੰਦਰ ਸਿੰਘ ਧੰਮੂ,ਵਿੱਤ ਸਕੱਤਰ ਜਸਮੇਲ ਸਿੰਘ ਵੱਲਾ, ਪ੍ਰੈਸ ਸਕੱਤਰ ਗੁਰਦਿਆਲ ਸਿੰਘ ਭਗਤ, ਪ੍ਰਚਾਰ ਸਕੱਤਰ ਗੁਰਮੇਲ ਸਿੰਘ ਮਾਨਾਂਵਾਲਾ,ਮੀਤ ਪ੍ਰਧਾਨ ਕਰਨ ਸਿੰਘ




ਲੋਪੋਕੇ, ਪ੍ਰਧਾਨ ਸ਼ਹਿਰੀ ਜਸਪਾਲ ਸਿੰਘ ਕੋਟ ਖਾਲਸਾ, ਸਕੱਤਰ ਕੇਵਲ ਸਿੰਘ ਵੇਰਕਾ, ਦਿਹਾਤੀ ਪ੍ਰਧਾਨ ਧਰਮਿੰਦਰ ਕੌਰ, ਸਕੱਤਰ ਈ ਐਸ ਆਈ ਮੁਨੀਸ਼ ਮਹਿਤਾ, ਕਾਰਜਕਾਰਨੀ ਮੈਂਬਰ ਵਰਿੰਦਰ ਸਿੰਘ,ਕੰਵਰ ਮੁਕੇਸ਼ ,ਤਸਬੀਰ ਸਿੰਘ ਰੰਧਾਵਾ, ਅਤੇ ਵਿਸ਼ੇਸ਼ ਤੌਰ ਤੇ ਬਾਬਾ ਸ਼ਮਸ਼ੇਰ ਸਿੰਘ ਕੋਹਰੀ ਤੇ ਨਿਰਮਲ ਸਿੰਘ ਚੰਡੇ ਵੀ ਸ਼ਾਮਲ ਹੋਏ, ਮੀਟਿੰਗ ਵਿੱਚ ਸੱਤ ਜੁਲਾਈ ਐਤਵਾਰ ਵਾਲੇ ਦਿਨ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਜਲੰਧਰ ਪਹੁੰਚਣ ਦਾ ਫੈਸਲਾ ਕੀਤਾ ਗਿਆ, ਮੀਟਿੰਗ ਦੌਰਾਨ ਬੁਲਾਰਿਆਂ ਨੇ ਫਾਰਮੇਸੀ ਅਫਸਰਾਂ ਦੀਆਂ ਭਖ਼ਦੀਆਂ ਮੰਗਾਂ ਜਿਵੇਂ ਪੇ ਸਕੇਲ ਵਿੱਚ ਤਰੁਟੀਆਂ ਦੂਰ ਕਰਨ ਕਰਕੇ ਯੋਗਤਾ ਮੁਤਾਬਿਕ ਸਕੇਲ ਦੇਣ,ਖਾਲੀ ਅਸਾਮੀਆਂ ਲਈ ਨਵੀਂ ਭਰਤੀ ਕਰਨ, ਡਿਪਟੀ ਡਾਇਰੈਕਟਰ ਫਾਰਮੇਸੀ ਦੀ ਅਸਾਮੀ ਪੈਦਾ ਕਰਨ ਅਤੇ ਰੂਰਲ ਫਾਰਮੇਸੀ ਅਫਸਰਾਂ ਨੂੰ ਰੈਗੂਲਰ ਕਰਕੇ ਪੂਰੀ ਤਨਖਾਹ ਦੇਣ ਸਬੰਧੀ ਭਰਪੂਰ ਜਾਣਕਾਰੀ ਦਿੱਤੀ ਅਤੇ ਇਹਨਾਂ ਮੰਗਾਂ ਦੀ ਪ੍ਰਾਪਤੀ ਲਈ ਲੰਮੀ ਲੜਾਈ ਲੜਨ ਨੂੰ ਸਮੁੱਚੇ ਫਾਰਮੇਸੀ ਵਰਗ ਨੂੰ ਤਿਆਰ ਰਹਿਣ ਲਈ ਸੁਚੇਤ ਕੀਤਾ।

# ਡਾ.ਹਰਦਿਆਲ ਸਿੰਘ ਪੰਨੂ ਨੂੰ ਸਦਮਾ, ਪਤਨੀ ਸਵਰਗਵਾਸ, ਸਸਕਾਰ ਅੱਜ।




ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਡਾ. ਹਰਦਿਆਲ ਸਿੰਘ ਪੰਨੂ (ਸਾਬਕਾ ਗਵਰਨਰ ਅਲਾਇੰਸ ਕਲੱਬ ਇੰਟਰਨੈਸ਼ਨਲ) ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਧਰਮ ਪਤਨੀ ਬੀਬੀ ਭੁਪਿੰਦਰ ਕੌਰ ਅੱਜ ਸਵੇਰੇ ਅਚਾਨਕ ਅਕਾਲ ਚਲਾਣਾ ਕਰ ਗਏ। ਇਸ ਖਬਰ ਨਾਲ ਜਿਥੇ ਇਲਾਕੇ ਵਿਚ ਭਾਰੀ ਸੋਗ ਦੀ ਲਹਿਰ ਫੈਲ ਗਈ ਉਥੇ ਹੀ ਵੱਡੀ ਗਿਣਤੀ ਚ ਸ਼ਹਿਰ ਵਾਸੀਆਂ ਵੱਲੋਂ ਡਾ.ਹਰਦਿਆਲ ਸਿੰਘ ਪੰਨੂ ਅਤੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਦੱਸਣਯੋਗ ਹੈ ਕਿ ਬੀਬੀ ਭੁਪਿੰਦਰ ਕੌਰ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਅੱਜ 5 ਜੁਲਾਈ ਦਿਨ ਸ਼ੁਕਰਵਾਰ ਨੂੰ ਸਵੇਰੇ 11.30 ਵਜੇ ਸਥਾਨਕ ਚਰਨ ਗੰਗਾ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਵੇਗਾ।

# ਸਕੂਲੀ ਪ੍ਰੀਖਿਆਵਾਂ ਦੇ ਮੱਦੇਨਜਰ ਜ਼ਿਲੇ ਦੇ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਧਾਰਾ 144 ਲਾਗੂ




ਮਾਲੇਰਕੋਟਲਾ, (ਲੋਕ ਬਾਣੀ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਮਿਤੀ 04 ਜੁਲਾਈ ਤੋਂ 20 ਜੁਲਾਈ 2024 ਤੱਕ ਸਵੇਰੇ ਦੇ ਸੈਸ਼ਨ ਸਮਾਂ 11 ਵਜੇ ਤੋਂ ਦੁਪਹਿਰ 2.15 ਵਜੇ ਤੱਕ ਤਹਿਸ਼ੀਲ ਪੱਧਰ ਤੇ ਸਥਾਪਿਤ ਕੀਤੇ ਪ੍ਰੀਖਿਆਂ ਕੇਂਦਰਾਂ ਚ ਪ੍ਰੀਖਿਆਵਾਂ ਕਰਵਾਇਆ ਜਾ ਰਹੀਆ ਹਨ । ਇਨ੍ਹਾਂ ਪ੍ਰੀਖਿਆ ਦੇ ਸੁਚੱਜੇ ਸੰਚਾਲਨ ਲਈ ਜ਼ਿਲ੍ਹਾ ਮੈਜਿਸਟਰੇਟ ਮਾਲੇਰਕੋਟਲਾ ਡਾ. ਪੱਲਵੀ ਨੇ ਫੌਜਦਾਰੀ ਜਾਬਤਾ, ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਲਈ ਸਥਾਪਿਤ ਕੀਤੇ ਗਏ ਪ੍ਰੀਖਿਆ ਕੇਂਦਰਾ ਦੇ ਆਲੇ-ਦੁਆਲੇ 4 ਜੁਲਾਈ ਤੋਂ 20 ਜੁਲਾਈ 2024 ਤੱਕ ਦਫਾ 144 ਤਹਿਤ ਸੀ.ਆਰ. ਪੀ.ਸੀ. ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਤਹਿਤ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇੱਕਠੇ ਹੋਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਗਈ ਹੈ । ਪਰ ਇਹ ਹੁਕਮ ਡਿਊਟੀ ਤੇ ਤਾਇਨਾਤ ਸਰਕਾਰੀ ਅਮਲੇ ਅਤੇ ਪ੍ਰੀਖਿਆਰਥੀਆਂ ਤੇ ਲਾਗੂ ਨਹੀਂ ਹੋਣਗੇ। ਇਸਦੇ ਨਾਲ ਹੀ ਉਨ੍ਹਾਂ ਨੇ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਨੂੰ ਇਨ੍ਹਾਂ ਪ੍ਰੀਖਿਆਵਾਂ ਵਿੱਚ ਵਿਘਨ ਪਾਉਣ ਵਾਲੇ ਅਨਸਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ, ਟਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਬਣਾਏ ਰੱਖਣ ਲਈ ਦਿਸ਼ਾ- ਨਿਰਦੇਸ਼ ਦਿੱਤੇ ਹਨ। ਇਹ ਹੁਕਮ ਤਹਿਸੀਲ ਪੱਧਰ ਤੇ ਸਥਾਪਿਤ ਕੀਤੇ ਗਏ ਤਿੰਨ ਸਕੂਲਾਂ ਉੱਪਰ ਲਾਗੂ ਹੋਵੇਗੀ। ਜਿਨ੍ਹਾਂ ਦੇ ਨਾਮ ਕ੍ਰਮਵਾਰ ਹਨ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ), ਮਾਲੇਰਕੋਟਲਾ, ਗੁਰੂ ਨਾਨਕ ਕੰਨਿਆ ਮਹਾਵਿਦਿਆਲਿਆ, ਅਹਿਮਦਗੜ੍ਹ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਮਰਗੜ੍ਹ ਹਨ ।

# ਪੰਜਾਬ ਸਟੇਟ ਚੇਅਰਮੈਨ ਐਮ.ਪੀ. ਜੱਸੜ ਦੇ ਪੂਜਨੀਏ ਮਾਤਾ ਦਾ ਅਚਾਨਕ ਹੋਇਆ ਦੇਹਾਂਤ, ਪਾਰਿਵਾਰ ਚ ਬਹੁਤ ਵੱਡਾ ਘਾਟਾ




(ਲੋਕ ਬਾਣੀ) ਯੂਥ ਪਾਲਿਸੀ ਐਂਡ ਰਿਸਰਚ ਡਿਪਾਰਟਮੈਂਟ ਦੇ ਪੰਜਾਬ ਸਟੇਟ ਚੇਅਰਮੈਨ ਅਤੇ ਸਮਾਜਿਕ ਕਾਰਕੁਨ ਐਮ.ਪੀ. ਜੱਸੜ, ਜੋ ਕਿ ਪੀ.ਪੀ.ਸੀ.ਸੀ. ਯੂਥ ਐਂਡ ਸਪੋਰਟਸ ਕਲੱਬਸ ਸੈੱਲ ਪੰਜਾਬ ਦੇ ਜਨਰਲ ਸਕੱਤਰ ਵੀ ਹਨ, ਨੂੰ ਉਨ੍ਹਾਂ ਦੀ ਮਾਤਾ ਦੇ ਦੇਹਾਂਤ ਤੋਂ ਬਾਅਦ ਗਹਿਰਾ ਸਦਮਾ ਪਹੁੰਚਿਆ ਹੈ ਅਤੇ ਐਮ.ਪੀ.ਜੱਸੜ ਦਾ ਪੂਰਾ ਪਰਿਵਾਰ ਇਸ ਵੱਡੇ ਦੁੱਖ ਦੇ ਸ਼ੋਕ ਵਿੱਚ ਹੈ। ਉਨ੍ਹਾਂ ਦੀ ਮਾਤਾ ਜੀ ਪ੍ਰਿੰਸੀਪਲ ਹਰਭਜਨ ਕੌਰ ਪੰਚਤੱਵਾਂ ਵਿੱਚ ਵਿਲੀਨ ਹੋ ਗਏ ਹਨ ਅਤੇ ਆਪਣੇ ਪਰਿਵਾਰ ਨੂੰ ਹਮੇਸ਼ਾਂ ਲਈ ਅਲਵਿਦਾ ਕਹਿ ਗਏ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ ਐਤਵਾਰ ਦੁਪਹਿਰ ਰਾਮ ਬਾਗ ਸ਼ਮਸ਼ਾਨ ਘਾਟ ਤੇ ਵਿਧੀਪੂਰਵਕ ਕੀਤਾ ਗਿਆ। ਉਨ੍ਹਾਂ ਦੀ ਮਾਤਾ ਜੀ ਨੇ ਅਧਿਆਪਕਾ ਦੇ ਰੂਪ ਵਿੱਚ ਬੱਚਿਆਂ ਨੂੰ ਸਿੱਖਿਆ ਦੇਣ ਦੀ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਈ ਅਤੇ ਬੱਚਿਆਂ ਨੂੰ ਚੰਗੇ ਸੰਸਕਾਰਾਂ ਪ੍ਰਤੀ ਜਾਗਰੂਕ ਕਰਨ ਵਿੱਚ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਈ। ਪ੍ਰਿੰਸੀਪਲ ਦੇ ਪਦ ਤੇ ਰਹਿੰਦਿਆਂ ਉਨ੍ਹਾਂ ਨੇ ਆਪਣੀ ਛਵੀ ਤੇ ਕਿਸੇ ਤਰ੍ਹਾਂ ਦਾ ਦਾਗ ਨਹੀਂ ਲੱਗਣ ਦਿੱਤਾ। ਉਹ ਇੱਕ ਨਿਡਰ ਅਤੇ ਨਰਮ ਸੁਭਾਉ ਵਾਲੀ ਔਰਤ ਦੇ ਰੂਪ ਵਿੱਚ ਜਾਣੀਆਂ ਜਾਂਦੀਆਂ ਸਨ, ਅਤੇ ਸਾਰੇ ਸਟਾਫ ਅਤੇ ਬੱਚਿਆਂ ਵਿੱਚ ਉਨ੍ਹਾਂ ਦਾ ਭਰਪੂਰ ਆਦਰ ਅਤੇ ਸਤਿਕਾਰ ਵੀ ਸੀ । ਸਰਦਾਰਨੀ ਹਰਭਜਨ ਕੌਰ ਪ੍ਰਿੰਸੀਪਲ ਦੇ ਇਲਾਵਾ ਸਮਾਜ ਸੇਵਾ ਅਤੇ ਧਾਰਮਿਕ ਵਿਚਾਰਾਂ ਵਿੱਚ ਵੀ ਦਿਲਚਸਪੀ ਰੱਖਦੇ ਸਨ। ਉਨ੍ਹਾਂ ਨੇ ਆਪਣੀਆਂ ਪਰਿਵਾਰਿਕ ਜ਼ਿੰਮੇਵਾਰੀਆਂ ਨੂੰ ਵੀ ਨਿਭਾਉਂਦੇ ਹੋਏ ਬੱਚਿਆਂ ਨੂੰ ਚੰਗੀ ਸਿੱਖਿਆ ਅਤੇ ਸੰਸਕਾਰ ਦਿੱਤੇ। ਆਪਣੀ ਮਾਤਾ ਜੀ ਦੇ ਦਿਖਾਏ ਸੰਸਕਾਰਾਂ ਤੇ ਚਲਦੇ ਹੋਏ, ਐਮ.ਪੀ. ਜੱਸਰ ਦਾ ਅੱਜ ਸਮਾਜ ਸੇਵਾ ਦੇ ਖੇਤਰ ਵਿੱਚ ਵੱਡਾ ਨਾਮ ਹੈ। ਇਸ ਦੁੱਖ ਦੀ ਘੜੀ ਵਿੱਚ ਵਿਜੇ ਸ਼ਰਮਾ ਟਿੰਕੂ ਖਰੜ ਹੱਲਕਾ ਇੰਚਾਰਜ ਕਾਂਗਰਸ ਪਾਰਟੀ, ਮੋਹਾਲੀ ਮਹਿਲਾ ਜਿਲ੍ਹਾ ਪ੍ਰਧਾਨ ਸਵਰਨਜੀਤ ਕੌਰ, ਪੰਜਾਬ ਪੰਚਾਇਤ ਯੂਨੀਅਨ ਪ੍ਰਧਾਨ ਹਰਮਿੰਦਰ ਸਿੰਘ ਮਾਵੀ, ਸੀਨੀਅਰ ਕਾਂਗਰਸੀ ਆਗੂ ਕਮਲ ਕਿਸ਼ੋਰ ਕਾਲਾ, ਜਸਵਿੰਦਰ ਜੱਸੀ ਕਾਰਜ ਕਾਰਨੀ ਸਦਸਿਆ ਆਹੜਤੀ ਐਸੋਸੀਏਸ਼ਨ, ਸ਼ਰਬਜੀਤ ਕੌਰ ਕਾਂਗਰਸੀ ਆਗੂ, ਮਾਨ ਸਿੰਘ ਐਮ.ਸੀ. ਰਿਟਾਇਰ ਐਕਸਇਨ ਹਰਭਜਨ ਸਿੰਘ, ਕੈਪਟਨ ਵੀਰ, ਪੰਮੀ ਆਹੜਤੀ ਪ੍ਰਧਾਨ ਸਬਜ਼ੀ ਮੰਡੀ ਖਰੜ, ਰਾਜੂ ਐਮ ਸੀ ਅਤੇ ਹੋਰ ਵੀ ਅਨੇਕਾਂ ਹੀ ਨਾਮ ਚੀਨ ਸ਼ਖਸ਼ੀਅਤਾਂ, ਸਮਾਜ ਸੇਵੀ ਅਤੇ ਕਾਂਗਰਸੀ ਮੋਹਤਬਾਰ ਹਾਜ਼ਰ ਸਨ ।

# ਜ਼ਿਲ੍ਹਾ ਮੋਗਾ ਵਿੱਚ ਬੂਟੇ ਲਾਉਣ ਅਤੇ ਸੰਭਾਲਣ ਦੀ ਇਕ ਸਾਲ ਦੀ ਯੋਜਨਾ ਤਿਆਰ

## - 5 ਲੱਖ ਤੋਂ ਵਧੇਰੇ ਪੌਦੇ ਲਗਾਏ ਜਾ ਰਹੇ, ਪੇਂਡੂ ਖੇਤਰਾਂ ਵਿੱਚ ਨਰੇਗਾ ਵਰਕਰ ਟੋਏ ਪੁੱਟਣਗੇ ਅਤੇ ਇਕ ਸਾਲ ਪਾਣੀ ਪਾਉਣਗੇ

ਮੋਗਾ, (ਲੋਕ ਬਾਣੀ) - ਜ਼ਿਲ੍ਹਾ ਮੋਗਾ ਨੂੰ ਹਰਿਆਲੀ ਪੱਖੋਂ ਭਰਪੂਰ ਬਣਾਉਣ ਦੇ ਮਿੱਥੇ ਟੀਚੇ ਤਹਿਤ ਮੌਜੂਦਾ ਵਿੱਤੀ ਵਰ੍ਹੇ ਅੰਦਰ 5 ਲੱਖ ਤੋਂ ਵਧੇਰੇ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਹੀ ਪਰਵਰਿਸ਼ ਕਰਨ ਦਾ ਟੀਚਾ ਮਿਥਿਆ ਗਿਆ ਹੈ। ਇਸ ਟੀਚੇ ਨੂੰ ਪੂਰਾ ਕਰਨ ਲਈ ਇਕ ਸਾਲ ਦੀ ਯੋਜਨਾ ਤਿਆਰ ਕੀਤੀ ਗਈ ਹੈ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰ ਜਗਵਿੰਦਰਜੀਤ ਸਿੰਘ ਗਰੇਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੌਰਾਨ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਮ ਤੌਰ ਉੱਤੇ ਦੇਖਿਆ ਗਿਆ ਹੈ ਕਿ ਨਿਰਧਾਰਤ ਟੀਚੇ ਮੁਤਾਬਿਕ ਬੂਟੇ ਸਹੀ ਤਰੀਕੇ ਨਾਲ ਲੱਗਦੇ ਹੀ ਨਹੀਂ। ਇਸ ਲਈ ਫੈਸਲਾ ਕੀਤਾ ਗਿਆ ਹੈ ਕਿ ਪੇਂਡੂ ਖੇਤਰਾਂ ਵਿੱਚ ਟੋਏ ਪੁੱਟਣ ਦਾ ਕੰਮ ਨਰੇਗਾ ਵਰਕਰ ਕਰਨਗੇ। ਇਹੀ ਵਰਕਰ ਇਕ ਸਾਲ ਇਹਨਾਂ ਬੂਟਿਆਂ ਨੂੰ ਪਾਣੀ ਪਾਉਣਾ ਵੀ ਯਕੀਨੀ ਬਣਾਉਣਗੇ। ਇਸ ਲਈ ਹਰੇਕ ਵਿਭਾਗ ਮੁਖੀ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਤੁਰੰਤ ਨਰੇਗਾ ਵਰਕਰਾਂ ਦੀ ਲੋੜ ਅਨੁਸਾਰ ਮੰਗ ਕਰ ਲੈਣ। ਸ਼ਹਿਰੀ ਖੇਤਰਾਂ ਵਿੱਚ ਬੂਟੇ ਲਾਉਣ ਅਤੇ ਪਾਣੀ ਪਾਉਣ ਦਾ ਕੰਮ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੇ ਕਰਮਚਾਰੀ ਜਾਂ ਮਾਲੀ ਕਰਨਗੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਗਾਮੀ ਮੌਨਸੂਨ ਦੌਰਾਨ ਸ਼ੁਰੂ ਕੀਤੀ ਜਾਣ ਵਾਲੀ ਇਸ ਮੁਹਿਮ ਦੌਰਾਨ ਗੈਰ ਸਰਕਾਰੀ ਸੰਸਥਾਵਾਂ ਵੱਲੋਂ ਵੀ ਸਹਿਯੋਗ ਕੀਤਾ ਜਾ ਰਿਹਾ ਹੈ। ਰਾਊਂਡ ਗਲਾਸ ਸੰਸਥਾ ਵੱਲੋਂ 1 ਫੁੱਟ ਤੋਂ ਵੱਡੇ ਅਤੇ ਸੋਢੀ ਫਾਉਂਡੇਸ਼ਨ ਵਲੋਂ ਤਿੰਨ ਫੁੱਟ ਤੋਂ ਉੱਚੇ ਬੂਟੇ ਲਗਾਏ ਜਾਣਗੇ ਤਾਂ ਜੋ ਇਹਨਾਂ ਬੂਟਿਆਂ ਨੂੰ ਭਵਿੱਖ ਵਿੱਚ ਪਾਲਣਾ ਸੌਖਾ ਹੋ ਸਕੇ। ਪੂਰੇ ਜ਼ਿਲ੍ਹੇ ਵਿਚ 15 ਜੰਗਲ ਲਗਾਉਣ ਦਾ ਵੀ ਟੀਚਾ ਹੈ। ਜਿਹੜੇ ਪਿੰਡਾਂ ਵਿੱਚ ਇਹ ਜੰਗਲ ਲਗਾਉਣ ਦਾ ਪ੍ਰਸਤਾਵ ਹੈ, ਉਹਨਾਂ ਪਿੰਡਾਂ ਦੀ ਪਛਾਣ ਕਰ ਲਈ ਗਈ ਹੈ। ਇਹਨਾਂ ਮਿੰਨੀ ਜੰਗਲਾਂ ਦੀ ਚਾਰ ਦੁਆਰੀ ਬਾਂਸ ਦੇ ਦਰੱਖ਼ਤਾਂ ਨਾਲ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਜਿਹੜੇ ਬੂਟੇ ਦਰੱਖ਼ਤ ਪਹਿਲਾਂ ਲੱਗੇ ਹੋਏ ਹਨ, ਉਹ ਵੀ ਸਾਂਭੇ ਜਾਣਗੇ। ਨਵੇਂ ਬੂਟੇ ਉਹ ਲਾਉਣੇ ਹਨ ਜੋ ਅੱਗੇ ਬਚੇ ਰਹਿਣ।

ਉਹਨਾਂ ਕਿਹਾ ਕਿ ਇਸ ਸਾਲ ਮਿੱਥੇ ਗਏ ਇਸ ਟੀਚੇ ਨੂੰ ਹਾਸਲ ਕਰਨ ਲਈ ਲੋਕਾਂ ਦੀ ਸਰਗਰਮ ਹਿੱਸੇਦਾਰੀ ਦੀ ਜ਼ਰੂਰਤ ਹੈ ਕਿਉਂਕਿ ਹਰ ਨਾਗਰਿਕ ਦਾ ਵੀ ਇਹ ਨੈਤਿਕ ਫਰਜ਼ ਹੈ ਕਿ ਉਹ ਆਪਣੇ ਆਲੇ ਦੁਆਲੇ ਨੂੰ ਹਰਿਆਲੀ ਭਰਪੂਰ ਬਣਾਉਣ ਲਈ ਕੁਦਰਤ ਨਾਲ ਆਪਣੀ ਸਾਂਝ ਨੂੰ ਮਜ਼ਬੂਤ ਕਰੇ।




ਵਧੀਕ ਡਿਪਟੀ ਕਮਿਸ਼ਨਰ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰੇਕ ਵਿਭਾਗ ਦੇ ਅਧੀਨ ਆਉਂਦੀਆਂ ਥਾਵਾਂ ਵਿੱਚੋਂ ਅਜਿਹੇ ਖਾਲੀ ਸਥਾਨਾਂ ਦੀ ਸੂਚੀ ਮੁਹੱਈਆ ਕਰਵਾਈ ਜਾਵੇ ਜਿਥੇ ਕਿ ਮੌਨਸੂਨ ਸੀਜ਼ਨ ਦੌਰਾਨ ਬੂਟੇ ਲਗਾਏ ਜਾ ਸਕਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਣ ਵਿਭਾਗ ਵੱਲੋਂ ਇਸ ਟੀਚੇ ਦੀ ਪ੍ਰਾਪਤੀ ਲਈ ਯੋਜਨਾ ਤਿਆਰ ਕੀਤੀ ਗਈ ਹੈ ਜਿਸ ਨੂੰ ਸਾਰਿਆਂ ਦੇ ਸਹਿਯੋਗ ਨਾਲ ਨੇਪਰੇ ਚੜ੍ਹਾਇਆ ਜਾਵੇਗਾ। ਕੁੱਲ 5 ਲੱਖ ਬੂਟਿਆਂ ਵਿੱਚੋਂ 1.50 ਲੱਖ ਬੂਟੇ ਜੰਗਲਾਤ ਵਿਭਾਗ ਵੱਲੋਂ ਆਪਣੇ ਪੱਧਰ ਉੱਤੇ ਲਗਾਏ ਜਾਣਗੇ ਜਦਕਿ ਬਾਕੀ ਬੂਟੇ ਵੱਖ ਵੱਖ ਵਿਭਾਗਾਂ ਦੇ ਸਹਿਯੋਗ ਨਾਲ ਲਗਾਏ ਜਾਣਗੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇਗੀ ਕਿ ਜਿਆਦਾਤਰ ਬੂਟੇ ਮਗਨਰੇਗਾ ਰਾਹੀਂ ਲਗਵਾਏ ਜਾਣ ਜਦਕਿ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਨਾਲ ਕਿਸਾਨਾਂ, ਸਮਾਜ ਸੇਵੀ ਸੰਗਠਨਾਂ, ਗੈਰ ਸਿਆਸੀ ਜਥੇਬੰਦੀਆਂ, ਵਿਦਿਅਕ ਅਦਾਰਿਆਂ, ਯੂਥ ਕਲੱਬਾਂ, ਖੇਡ ਕਲੱਬਾਂ ਨਾਲ ਤਾਲਮੇਲ ਕਰਦੇ ਹੋਏ ਵੀ ਇਸ ਉਦੇਸ਼ ਦੀ ਪੂਰਤੀ ਲਈ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਜੰਗਲਾਤ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਇਸ ਮੁਹਿਮ ਤਹਿਤ ਜ਼ਿਲ੍ਹਾ ਨਿਵਾਸੀਆਂ ਨੂੰ ਵੀ ਬੂਟੇ ਮੁਫ਼ਤ ਮੁਹੱਈਆ ਕਰਵਾਏ ਜਾਣਗੇ ਤਾਂ ਜੋ ਲੋਕ ਆਪਣੇ ਆਲੇ ਦੁਆਲੇ ਖਾਲੀ ਪਈਆਂ ਥਾਵਾਂ, ਪਲਾਟਾਂ ਆਦਿ ਵਿੱਚ ਬੂਟੇ ਲਗਾ ਸਕਣ। ਉਨ੍ਹਾਂ ਦੱਸਿਆ ਕਿ ਰਵਾਇਤੀ ਕਿਸਮਾਂ ਦੇ ਬੂਟੇ ਜਿਵੇਂ ਬੋਹੜ, ਪਿੱਪਲ, ਕਿੱਕਰ, ਟਾਹਲੀ, ਨਿੰਮ ਆਦਿ ਦੇ ਨਾਲ ਨਾਲ ਫੁੱਲਾਂ ਦੀਆਂ ਵਿਭਿੰਨ ਕਿਸਮਾਂ, ਛਾਂਦਾਰ ਬੂਟੇ ਵੀ ਵੰਡੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਵਣ ਵਿਭਾਗ ਅਤੇ ਹੋਰ ਨਰਸਰੀਆਂ ਵਿੱਚ 11 ਲੱਖ ਬੂਟੇ ਤਿਆਰ ਕੀਤੇ ਗਏ ਹਨ। ਮੀਟਿੰਗ ਦੌਰਾਨ ਐਸ.ਡੀ.ਐਮ ਮੋਗਾ ਸ੍ਰ ਸਾਰੰਗਪ੍ਰੀਤ ਸਿੰਘ ਔਜਲਾ ਸਮੇਤ ਹੋਰ ਵਿਭਾਗਾਂ ਦੇ ਮੁਖੀ ਵੀ ਹਾਜ਼ਰ ਸਨ।

# ਪਿੰਡ ਚੜਿੱਕ ਵਿਖੇ ਲੱਗੇ ਵਿਸ਼ੇਸ਼ ਕੈਂਪ ਵਿੱਚ ਕਰੀਬ 150 ਲੋਕਾਂ ਵੱਲੋਂ ਸ਼ਮੂਲੀਅਤ




ਮੋਗਾ (ਲੋਕ ਬਾਣੀ) ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਜਾ ਕੇ ਹੱਲ ਕਰਨ ਲਈ ਆਪ ਦੀ ਸਰਕਾਰ-ਆਪ ਦੇ ਦੁਆਰ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਲੋਕਾਂ ਦੀਆਂ ਸਮੱਸਿਆਵਾਂ ਨੂੰ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਖ਼ੁਦ, ਹੋਰ ਉਚ ਪੱਧਰੀ ਸਬੰਧਤ ਅਧਿਕਾਰੀਆਂ ਨੂੰ ਨਾਲ ਲੈ ਕੇ ਪਿੰਡ ਪੱਧਰੀ ਦੌਰੇ ਕਰ ਰਹੇ ਹਨ।

ਇਸ ਮੁਹਿੰਮ ਤਹਿਤ ਅੱਜ ਪਿੰਡ ਚੜਿੱਕ ਦੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਿੰਡ ਮੱਲੀਆਂ ਵਾਲਾ, ਬੁੱਧ ਸਿੰਘ ਵਾਲਾ, ਚੜਿੱਕ, ਨਾਹਲ ਖੋਟੇ ਅਤੇ ਤਾਰੇਵਾਲਾ ਦੇ ਤਕਰੀਬਨ 150 ਲੋਕਾਂ ਨੇ ਸ਼ਮੂਲੀਅਤ ਕਰਕੇ ਵੱਖ ਵੱਖ ਸਰਕਾਰੀ ਸੇਵਾਵਾਂ ਦਾ ਮੌਕੇ ਉੱਪਰ ਹੀ ਲਾਹਾ ਲਿਆ। ਕੈਂਪ ਵਿੱਚ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰ. ਜਗਵਿੰਦਰਜੀਤ ਸਿੰਘ ਗਰੇਵਾਲ, ਐਸ.ਡੀ.ਐਮ. ਮੋਗਾ ਸ੍ਰ. ਸਾਰੰਗਪ੍ਰੀਤ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀਮਤੀ ਸ਼ੁਭੀ ਆਂਗਰਾ ਨੇ ਹੋਰ ਵੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸ਼ਿਰਕਤ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ।

ਡਿਪਟੀ ਕਮਿਸ਼ਨਰ ਨੇ ਇਸ ਕੈਂਪ ਬਾਰੇ ਦੱਸਿਆ ਕਿ ਬਹੁਤ ਸਾਰੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਤੁਰੰਤ ਪ੍ਰਭਾਵ ਨਾਲ ਕਰ ਦਿੱਤਾ ਗਿਆ ਹੈ ਅਤੇ ਬਾਕੀ ਰਹਿੰਦੇ ਕੇਸਾਂ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਅਰਜ਼ੀਆਂ ਫਾਰਵਰਡ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਨਿਰਦੇਸ਼ ਕਰ ਦਿੱਤੇ ਗਏ ਹਨ ਕਿ ਇਨ੍ਹਾਂ ਮੁਸ਼ਕਿਲਾਂ ਨੂੰ ਘੱਟ ਤੋਂ ਘੱਟ ਸਮੇਂ ਵਿੱਚ ਹੱਲ ਕਰਨਾ ਯਕੀਨੀ ਬਣਾਇਆ ਜਾਵੇ।

ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਆਮ ਲੋਕਾਂ ਦੀ ਸਹੂਲਤ ਲਈ ਹੁਣ ਮਿਤੀ 5 ਜੁਲਾਈ ਦਿਨ ਸ਼ੁਕਰਵਾਰ ਨੂੰ ਕੋਟ-ਈਸੇ-ਖਾਂ, ਗਗੜਾ, ਨਸੀਰਪੁਰ ਜਾਨੀਆ, ਲੌਗੀਵਿੰਡ, ਰਡਿਆਲਾ, ਤਲਵੰਡੀ ਨੌ ਬਹਾਰ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਕੋਟ-ਈਸੇ-ਖਾਂ ਦੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਸੁਣੀਆਂ ਜਾਣਗੀਆਂ। ਮਿਤੀ 10 ਜੁਲਾਈ ਦਿਨ ਬੁੱਧਵਾਰ ਨੂੰ ਸੰਗਤਪੁਰਾ, ਚੰਨੂਵਾਲਾ, ਲਧਾਈਕੇ, ਕੋਟਲਾ ਰਾਈਕਾ, ਜੀਤਾ ਸਿੰਘ ਵਾਲਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਸੰਗਤਪੁਰਾ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਸੁਣੀਆਂ ਜਾਣਗੀਆਂ। ਮਿਤੀ 12 ਜੁਲਾਈ ਦਿਨ ਸ਼ੁੱਕਰਵਾਰ ਨੂੰ ਤਲਵੰਡੀ ਭੰਗੇਰੀਆਂ, ਲੰਡੇਕੇ, ਰੌਲੀ, ਮਹਿਣਾ, ਬੁੱਘੀਪੁਰਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਤਲਵੰਡੀ ਭੰਗੇਰੀਆਂ ਦੇ ਦੀ ਧਰਮਸ਼ਾਲਾ ਜਿਹੜੀ ਕਿ ਪਟਵਾਰ ਖਾਨੇ ਦੇ ਸਾਹਮਣੇ ਹੈ, ਵਿਖੇ ਸੁਣੀਆਂ ਜਾਣਗੀਆਂ। ਮਿਤੀ 17 ਜੁਲਾਈ ਦਿਨ ਸ਼ੁੱਕਰਵਾਰ ਨੂੰ ਤਖਤੂਪੁਰਾ, ਲੋਹਾਰਾ, ਬਿਲਾਸਪੁਰ, ਰਾਮਾ, ਮਾਛੀਕੇ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਤਖਤੂਪੁਰਾ ਦੀ ਰਵੀਦਾਸੀਆ ਧਰਮਸ਼ਾਲਾ ਵਿਖੇ ਸੁਣੀਆਂ ਜਾਣਗੀਆਂ।

ਇਸ ਤੋਂ ਇਲਾਵਾ ਉਨ੍ਹਾਂ ਅੱਗੇ ਦੱਸਿਆ ਆਪ ਦੀ ਸਰਕਾਰ ਦੇ ਦੁਆਰ ਮੁਹਿੰਮ ਤਹਿਤ ਮਿਤੀ 19 ਜੁਲਾਈ ਦਿਨ ਸ਼ੁੱਕਰਵਾਰ ਨੂੰ ਫਤਿਹਗੜ੍ਹ ਪੰਜਤੂਰ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਮੁੰਡੀ ਜਮਾਲ, ਕਾਦਰਵਾਲਾ, ਲਲਿਹਾਦੀ, ਫਤਿਹਗੜ੍ਹ ਪੰਜਤੂਰ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 24 ਜੁਲਾਈ ਦਿਨ ਬੁੱਧਵਾਰ ਨੂੰ ਨੱਥੂਵਾਲਾ ਗਰਬੀ ਦੇ ਗੁਰਦੁਆਰਾ ਗੁਰੂ ਪ੍ਰਕਾਸ਼ ਵਿਖੇ ਵੱਡਾ ਘਰ, ਛੋਟਾ ਘਰ, ਨੱਥੂਵਾਲਾ ਗਰਬੀ, ਗੱਜਣਵਾਲਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 26 ਜੁਲਾਈ ਦਿਨ ਸ਼ੁੱਕਰਵਾਰ ਨੂੰ ਮਾਣੂੰਕੇ ਦੇ ਪੰਚਾਇਤ ਘਰ ਵਿਖੇ ਘੋਲੀਆ ਖੁਰਦ, ਮਾਣੂੰਕੇ, ਰਣੀਆਂ, ਖੋਟਾ, ਕਿਸ਼ਨਗੜ੍ਹ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 31 ਜੁਲਾਈ ਦਿਨ ਬੁੱਧਵਾਰ ਨੂੰ ਘੱਲ ਕਲਾਂ ਦੇ ਗੁਰਦੁਆਰਾ ਗੁਰੂਸਰ ਸਾਹਿਬ ਵਿਖੇ ਡਰੋਲੀ ਭਾਈ, ਘੱਲ ਕਲਾਂ, ਸਲੀਣਾ, ਖੋਸਾ ਪਾਂਡੋ, ਰੱਤੀਆਂ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ।

ਡਿਪਟੀ ਕਮਿਸ਼ਨਰ ਨੇ ਸਬੰਧਤ ਪਿੰਡਾਂ ਦੇ ਵਾਸੀਆਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ।

# ਹਲਕਾ ਸਤਰਾਣਾ ਤੋਂ ਆਮ ਆਦਮੀ ਪਾਰਟੀ ਦੀ ਟੀਮ ਨੇ ਮਹਿੰਦਰ ਭਗਤ ਦੇ ਹੱਕ ਵਿੱਚ ਕੀਤਾ ਚੋਣ ਪ੍ਰਚਾਰ




ਪਾਤੜਾਂ (ਲੋਕ ਬਾਣੀ) ਜਲੰਧਰ ਉਪ ਚੋਣਾਂ ਨੂੰ ਲੈ ਕੇ ਹਲਕਾ ਸ਼ੁਤਰਾਣਾ ਦੀ ਸਮੁੱਚੀ ਟੀਮ ਨੇ ਇੱਕ ਭਰਵੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਉੱਤੇ ਪੂਰਾ ਮਾਣ ਹੈ ਕਿ ਉਹ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ ਪੰਜਾਬ ਦੇ ਨੌਜਵਾਨਾਂ ਲਈ ਰਾਹ ਦਸੇਰਾ ਬਣਿਆ ਹੋਇਆ ਹੈ। ਜਦੋਂ ਪੰਜਾਬ ਚ ਅਕਾਲੀ ਦਲ ਤੇ ਕਾਂਗਰਸ ਦੀਆਂ ਸਰਕਾਰਾਂ ਹੁੰਦੀਆਂ ਸਨ ਉਹ ਉਸ ਸਮੇਂ ਵੀ ਆਪਣੇ ਰਸਤੇ ‘ਤੇ ਬੇਰੋਕ ਚੱਲਦਾ ਰਿਹਾ ਸਰਵੇਖਣਾ ਅਨੁਸਾਰ ਆਮ ਆਦਮੀ ਪਾਰਟੀ ਦੇ ਛੋਟੇ ਛੋਟੇ ਇਕੱਠ ਵੀ ਇੱਕ ਵੱਡੀ ਰੈਲੀ ਦਾ ਰੂਪ ਧਾਰ ਜਾਂਦੇ ਹਨ ਅਤੇ ਵਿਰੋਧੀ ਧਿਰਾਂ ਨੂੰ ਵਕਤ ਪੈ ਜਾਂਦੇ ਹਨ ਕਿਉਂਕਿ ਉਨ੍ਹਾਂ ਦੀ ਅਗਵਾਈ ਸ ਭਗਵੰਤ ਸਿੰਘ ਮਾਨ ਕਰਦੇ ਹਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਬਿੱਟੂ ਬਦੇਸ਼ਾ ਨੇ ਕਿਹਾ ਕਿ ਜਿੱਥੇ ਕਿਤੇ ਪਿੰਡਾਂ ਵਿੱਚ ਕਬੱਡੀ ਟੂਰਨਾਮੈਂਟ ਕਰਵਾਉਣ ਦੀ ਜਰੂਰਤ ਪੈਂਦੀ ਤਾਂ ਉਥੇ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਦਲਵੀਰ ਸਿੰਘ ਯੂਕੇ ਨੂੰ ਤਹਿ ਦਿਲੋਂ ਯਾਦ ਕਰਦੇ ਹਨ ਜੋ ਕਿ ਹੁਣ ਵੀ ਜਲੰਧਰ ਉਪ ਚੋਣਾਂ ਵਿੱਚ ਮਹਿੰਦਰ ਭਗਤ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਵਿੱਚ ਰੁੱਝੇ ਹੋਏ ਹਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਥਿੰਦ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਤੇ ਕਿਸਾਨੀ ਨੂੰ ਬਚਾਉਣਾ ਸਾਡਾ ਮੁਢਲਾ ਫਰਜ਼ ਹੈ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਇਸ ਫਰਜ਼ ਉੱਤੇ ਦਿਨ ਰਾਤ ਪਹਿਰਾ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੇ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਇਹ ਸੋਚ ਰਹੀ ਹੈ ਕਿ ਪੰਜਾਬ ਚ ਖੇਡ ਸੱਭਿਆਚਾਰ ਪੈਦਾ ਕਰਕੇ ਪੰਜਾਬ ਦਾ ਨਾਮ ਦੁਨੀਆ ਦੇ ਨਕਸ਼ੇ ‘ਤੇ ਚਮਕਾਇਆ ਜਾਵੇਗਾ ਜਿਸ ਨਾਲ ਪੰਜਾਬ ਦੀ ਜਵਾਨੀ ਅਤੇ ਕਿਸਾਨੀ ਤੇ ਇੱਕ ਵੱਖਰਾ ਨਖਾਰ ਆਵੇਗਾ ਇਸ ਮੌਕੇ ਪ੍ਰਚਾਰ ਕਰਨ ਵਿੱਚ ਚੇਅਰਮੈਨ ਜਸਵੀਰ ਸਿੰਘ ਕੁਦਨੀ, ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਹਰਜਸ਼ਨ ਸਿੰਘ ਪਠਾਣ ਮਾਜਰਾ, ਲੱਖਾ ਯੂਕੇ, ਚੌਧਰੀ ਚੂਹੜ ਸਿੰਘ, ਸਾਜਨ ਢਿਲੋਂ, ਅਮਰ ਸੰਘੇੜਾ, ਹੈਪੀ ਅਮ੍ਰਿਸਰੀਆ, ਰਾਕੇਸ਼ ਸ਼ਰਮਾ, ਤੇਜਿੰਦਰ ਸਿੰਘ ਖਹਿਰਾ, ਭੁਪਿੰਦਰ ਸਿੰਘ ਨਾਭਾ, ਸੰਦੀਪ ਸਾਂਵਰਾ, ਜੋਰਜ ਗਿੱਲ, ਬਲਦੇਵ ਚੌਧਰੀ, ਗੁਰਪ੍ਰੀਤ ਗੁੱਲੀ, ਜਰਨੈਲ ਭੁਟਾਲ, ਦਰਬਾਰਾ ਸਿੰਘ ਤੁਲੇਵਾਲ, ਮਿੱਠੂ ਸਰਪੰਚ, ਮੇਜਰ ਨਿੱਕਾ ਅਤੇ ਪਰਮਿੰਦਰ ਮੌਦਗਿੱਲ ਆਦਿ ਹਾਜ਼ਰ ਸਨ।

# ਰੁੱਖ ਲਗਾਉ ਵਾਤਾਵਰਣ ਬਚਾਉ’ ਸੰਸਥਾ ਦੇ ਮੈਂਬਰ ਵਾਤਾਵਰਣ ਪ੍ਰਤੀ ਆਪਣਾ ਫਰਜ਼ ਬਾਖੂਬੀ ਨਿਭਾਅ ਰਹੇ ਹਨ




ਖੰਨਾ, (ਲੋਕ ਬਾਣੀ) -ਵਾਤਾਵਰਣ ਬਚਾਉਣ ਲਈ ਅਤੇ ਚੌਗਿਰਦੇ ਨੂੰ ਹਰਿਆ ਭਰਿਆ ਰੱਖਣ ਲਈ ‘ਰੁੱਖ ਲਗਾਉ ਵਾਤਾਵਰਣ ਬਚਾਓ’ ਸੰਸਥਾ ਦੇ ਮੈਂਬਰ ਪਿਛਲੇ ਲੰਬੇ ਸਮੇਂ ਤੋਂ ਵਾਤਾਵਰਣ ਪ੍ਰੇਮੀ ਹਰਪ੍ਰੀਤ ਸਿੰਘ ਪ੍ਰਿੰਸ ਦੀ ਅਗਵਾਈ ’ਚ ਵੱਖ ਵੱਖ ਥਾਵਾਂ ’ਤੇ ਬੂਟੇ ਲਗਾਕੇ ਪ੍ਰਕਿਰਤੀ ਪ੍ਰਤੀ ਆਪਣੀ ਜਿੰਮੇਵਾਰੀ ਨਿਭਾਅ ਰਹੇ ਹਨ। ਵਾਤਾਵਰਣ ਪ੍ਰੇਮੀ ਸ਼ੇਰ ਸਿੰਘ ਤੇ ਪਰਮਜੀਤ ਸਿੰਘ ਪੰਮੀ ਨੇ ਦੱਸਿਆ ਅੱਜ ਪੁਰਾਣੀ ਪੰਜ ਨੰਬਰ ਚੁੰਗੀ ਚੌਂਕ ਨੇੜੇ ਟੈਂਕੀ ਨੰਬਰ 2 ’ਚ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਦੀ ਅਗਵਾਈ ’ਚ ਵੱਖ ਵੱਖ ਕਿਸਮਾਂ ਦੇ ਬੂਟੇ ਲਗਾਏ ਗਏ। ਹਰਪ੍ਰੀਤ ਸਿੰਘ ਪ੍ਰਿੰਸ ਨੇ ਦੱਸਿਆ ਕਿ ਸੰਸਥਾ ਦੇ ਮੈਂਬਰ ਲਗਾਤਾਰ ਆਪਣਾ ਫਰਜ਼ ਬਾਖੂਬੀ ਨਿਭਾਅ ਰਹੇ ਹਨ। ਅਸੀਂ ਵਾਤਾਵਰਣ ਬਚਾਉਣ ’ਚ ਆਪਣਾ ਯੋਗਦਾਨ ਰਹਿੰਦੇ ਦਮ ਤੱਕ ਪਾਉਂਦੇ ਰਹਾਂਗੇ ਅਤੇ ਹਰਿਆਲੀ ਵਾਸਤੇ ਬੂਟੇ ਲਗਾਉਂਦੇ ਰਹਾਂਗੇ ਪਰ ਇਸ ਸੀਜ਼ਨ ’ਚ ਜਿਸ ਤਰਾਂ ਤਾਪਮਾਨ ’ਚ ਵਾਧਾ ਹੋਇਆ ਹੈ ਅਤੇ ਲੋਕਾਂ ਨੂੰ ਬੇਹੱਦ ਗਰਮੀ ਮਹਿਸੂਸ ਹੋਈ ਹੈ, ਉਸ ਤੋਂ ਹਰ ਕੋਈ ਚਿੰਤਤ ਹੈ। ਪ੍ਰਿੰਸ ਨੇ ਕਿਹਾ ਕਿ ਵਾਤਾਵਰਣ ਪ੍ਰਤੀ ਹਰੇਕ ਮਨੁੱਖ ਦਾ ਜਾਗਰੂਕ ਹੋਣਾ ਸਮੇਂ ਦੀ ਲੋੜ ਹੈ ਅਤੇ ਵਾਤਾਵਰਣ ਬਚਾਉਣ ਲਈ ਹਰੇਕ ਮਨੁੱਖ ਨੂੰ ਘੱਟ ਤੋਂ ਘੱਟ ਦੋ ਬੂਟੇ ਲਗਾਕੇ ਪਾਲਣ ਪੋਸ਼ਣ ਕਰਨਾ ਚਾਹੀਦਾ ਹੈ। ਪ੍ਰਿੰਸ ਨੇ ਵਾਤਾਵਰਣ ਬਚਾਉਣ ਲਈ ਯੋਗਦਾਨ ਪਾਉਣ ਵਾਲੇ ਸਮੂਹ ਵਾਤਾਵਰਣ ਪ੍ਰੇਮੀਆਂ ਦੀ ਸ਼ਲਾਘਾ ਕੀਤੀ। ਵਿਕਾਸ ਗੁਪਤਾ ਤੇ ਹਰਿੰਦਰ ਰਾਜੇਵਾਲੀਆ ਨੇ ਦੱਸਿਆ ਕਿ ਬੂਟੇ ਲਗਾਉਣ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੀ ਮੁਹਿੰਮ ਭਵਿੱਖ ’ਚ ਵੀ ਜਾਰੀ ਰਹੇਗੀ। ਇਸ ਮੌਕੇ ਮਨਿੰਦਰ ਸਿੰਘ ਦੱਤਾ, ਜਗਵਿੰਦਰ ਸਿੰਘ ਧੰਜਲ, ਗੁਰਪ੍ਰੀਤ ਸਿੰਘ ਜੱਸਲ, ਤਰਸੇਮ ਸਿੰਘ, ਅਮਨਦੀਪ ਸਿੰਘ ਰਿੱਕੀ, ਸਤਵਿੰਦਰ ਸਿੰਘ, ਜਸਵਿੰਦਰ ਸਿੰਘ ਜੱਸੀ, ਪਰਮਜੀਤ ਸਿੰਘ ਪੰਮੀ, ਸ਼ੇਰ ਸਿੰਘ, ਹਰਿੰਦਰ ਰਾਜੇਵਾਲੀਆ, ਵਿਕਾਸ ਗੁਪਤਾ ਆਦਿ ਹਾਜਰ ਸਨ।